


ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post




To view our online newspaper visit **punjabipost.ca/epaper** | Vol 23* Issue 164 | Friday, 06 September 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਟਰੂਡੋ ਸਰਕਾਰ ਨੂੰ ਵੱਡਾ ਝਟਕਾ: ਐੱਨਡੀ.ਪੀ. ਦੇ ਆਗੂ ਜਗਮੀਤ ਸਿੰਘ ਨੇ ਟਰੂਡੋ ਦੇ ਸਮਰਥਨ ਤੋਂ ਖਿੱਚਿਆ ਹੱਥ

ਓਟਵਾ, 5 ਸਤੰਬਰ (ਪੋਸਟ ਬਿਊਰੋ): ਕੈਨੇਡਾ ਵਿੱਚ ਜਸਟਿਨ ਟਰੂਡੋ ਦੀ ਲਿਬਰਲ ਪਾਰਟੀ ਅਤੇ ਨਿਊ ਡੈਮੋਕ੍ਰੇਟਿਕ ਪਾਰਟੀ (ਐੱਨਡੀਪੀ) ਵਿਚਾਲੇ ਗਠਜੋੜ ਟੁੱਟ ਗਿਆ ਹੈ। ਜਾਣਕਾਰੀ ਮੁਤਾਬਕ ਇਸ ਨਾਲ ਘੱਟ ਗਿਣਤੀ ਟਰੂਡੋ ਸਰਕਾਰ ਨੂੰ ਖ਼ਤਰਾ ਹੈ। ਹੁਣ ਉਸ ਨੂੰ ਸੱਤਾ ਵਿਚ ਬਣੇ ਰਹਿਣ ਲਈ ਹੋਰ ਪਾਰਟੀਆਂ ਦਾ ਸਮਰਥਨ ਹਾਸਿਲ ਕਰਨਾ ਹੋਵੇਗਾ।

ਐੱਨਡੀਪੀ ਦੇ ਆਗੂ ਜਗਮੀਤ ਸਿੰਘ ਨੇ ਇੱਕ ਵੀਡੀਓ ਜਾਰੀ ਕਰਦਿਆਂ ਕਿਹਾ ਕਿ ਉਹ 2022 ਵਿੱਚ ਦੋਨਾਂ ਪਾਰਟੀਆਂ ਦਰਮਿਆਨ ਹੋਏ ਸਮਝੌਤੇ ਨੂੰ ਤੋੜ ਰਹੇ ਹਨ। ਉਨ੍ਹਾਂ ਕਿਹਾ ਕਿ ਲਿਬਰਲ ਪਾਰਟੀ ਵਪਾਰੀਆਂ ਅੱਗੇ ਝੁਕ ਗਈ ਹੈ। ਉਹ



### ਟਰੂਡੋ 'ਤੇ ਸਰਕਾਰ ਡਿੱਗਣ ਦਾ ਖਤਰਾ

ਬਦਲਾਅ ਲਿਆਉਣ ਦੇ ਸਮਰੱਥ ਨਹੀਂ ਹਨ।

ਐੱਨਡੀਪੀ ਨੇ 2022 ਵਿੱਚ ਟਰੂਡੋ ਸਰਕਾਰ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਸੀ। ਐੱਨਡੀਪੀ ਅਤੇ ਲਿਬਰਲ ਪਾਰਟੀ ਦਰਮਿਆਨ ਹੋਏ ਸਮਝੌਤੇ ਨੂੰ 'ਸਪਲਾਈ ਐਂਡ ਕਾਨਫੀਡੈਂਸ' ਵਜੋਂ ਜਾਣਿਆ ਜਾਂਦਾ ਸੀ। ਸਮਝੌਤੇ ਤਹਿਤ ਐੱਨਡੀਪੀ ਨੇ ਬਿੱਲ ਪਾਸ ਹੋਣ ਸਮੇਂ ਲਿਬਰਲ ਪਾਰਟੀ ਦਾ ਸਮਰਥਨ ਕੀਤਾ। ਇਸ ਦੇ ਬਦਲੇ ਟਰੂਡੋ ਸਰਕਾਰ ਨੇ ਐੱਨ.ਡੀ.ਪੀ. ਨਾਲ ਸਬੰਧਤ ਨੀਤੀਆਂ ਲਾਗੂ ਕੀਤੀਆਂ।

ਜਗਮੀਤ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਟਰੂਡੋ ਨੇ ਲੋਕਾਂ ਨੂੰ ਨਿਰਾਸ਼ ਕੀਤਾ ਹੈ। ਉਹ ਹੁਣ ਹੋਰ ਮੌਕੇ ਦੇ ਹੱਕਦਾਰ ਨਹੀਂ ਹਨ। ਉਨ੍ਹਾਂ ਨਾਲ ਕੀਤੇ ਸਮਝੌਤੇ ਨੂੰ ਉਹ 'ਰੱਦੀ ਦੀ ਟੋਕਰੀ' ਵਿੱਚ ਸੁੱਟਣ ਜਾ ਰਹੇ ਹਨ।

ਟਰੂਡੋ ਦੀ ਪਾਰਟੀ ਕੋਲ ਪਾਰਲੀਮੈਂਟ ਵਿੱਚ 130 ਸੀਟਾਂ ਹਨ। ਪਾਰਟੀ ਨੂੰ ਸੱਤਾ 'ਚ ਬਣੇ ਰਹਿਣ ਲਈ 9 ਹੋਰ ਸੀਟਾਂ ਦੀ ਲੋੜ ਹੈ। ਹੁਣ ਤੱਕ 24 ਸੀਟਾਂ ਵਾਲੀ ਐੱਨਡੀਪੀ ਇਸ ਦਾ ਸਮਰਥਨ ਕਰ ਰਹੀ ਸੀ। ਬਹੁਮਤ ਲਈ ਟਰੂਡੋ ਦੀ ਪਾਰਟੀ ਨੂੰ ਹੁਣ ਕਿਊਬਿਕ ਪਾਰਟੀ (32 ਸੀਟਾਂ) ਦੇ ਸਮਰਥਨ ਦੀ ਲੋੜ ਪਵੇਗੀ।

ਵਿਰੋਧੀ ਕੰਜ਼ਰਵੇਟਿਵ ਪਾਰਟੀ ਕੋਲ 119 ਸੀਟਾਂ ਹਨ। ਸਰਵੇਖਣ ਮੁਤਾਬਕ ਜੇਕਰ ਚੋਣਾਂ ਹੁੰਦੀਆਂ ਹਨ ਤਾਂ ਕੰਜ਼ਰਵੇਟਿਵ ਪਾਰਟੀ ਨੂੰ ਬਹੁਮਤ ਮਿਲ ਸਕਦਾ ਹੈ। ਇਸ ਲਈ ਟਰੂਡੋ ਸਰਕਾਰ ਨੂੰ ਚੋਣਾਂ ਨੂੰ ਟਾਲਣ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ।

## ਪੁਲਿਸ ਤੋਂ ਭੱਜਣ ਦੀ ਕੋਸ਼ਿਸ਼ ਵਿਚ ਮੁਲਜ਼ਮ ਨੇ ਮਿਸੀਸਾਗਾ ਡਰਾਈਵ-ਥਰੂ 'ਤੇ ਕਰੂਜ਼ਰ 'ਤੇ ਚੜ੍ਹਾਈ ਫੋਰਡ ਬਰੋਂਕੋ

### ਰਮਨਪ੍ਰੀਤ ਸਿੰਘ ਨਾਮ ਦਾ ਨੌਜਵਾਨ ਗ੍ਰਿਫ਼ਤਾਰ

ਟੋਰਾਂਟੋ, 5 ਸਤੰਬਰ (ਪੋਸਟ ਬਿਊਰੋ): ਮੰਗਲਵਾਰ ਨੂੰ ਮਿਸੀਸਾਗਾ ਵਿੱਚ ਟਿਮ ਹਾਰਟਨਜ਼ ਡਰਾਈਵ-ਥਰੂ 'ਤੇ ਇੱਕ ਸ਼ੱਕੀ ਵਾਹਨ ਫੋਰਡ ਬਰੋਂਕੋ ਬਾਰੇ ਸੂਚਨਾ ਮਿਮਲੀ ਜੋ ਇੱਕ ਪੀਲ ਪੁਲਿਸ ਕਰੂਜਰ ਉੱਪਰ ਚੜ੍ਹੀ ਹੋਈ ਸੀ।

ਪੀਲ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਸ਼ਾਮ ਕਰੀਬ 6:30 ਵਜੇ ਇੱਕ ਵਿਅਕਤੀ ਵਲੋਂ ਕਾਲ ਕੀਤੀ ਗਈ ਜੋ ਗੋਰਵੇ ਅਤੇ ਏਟਿਊਡ ਕੋਲ ਵੇਸਟਵੁਡ ਸਕਵਾਇਰ ਸ਼ਾਪਿੰਗ ਮਾਲ ਇਲਾਕੇ ਵਿੱਚ ਇੱਕ ਵਿਅਕਤੀ ਬਾਰੇ ਵਿੱਚ ਚਿੰਤਤ ਸੀ। ਪੁਲਿਸ ਨੇ ਕਿਹਾ ਕਿ ਉਸ



ਵਿਅਕਤੀ ਨੇ ਕੁਝ ਹਫਤੇ ਪਹਿਲਾਂ ਇੱਕ ਸਟੋਰ ਤੋਂ ਸਾਮਾਨ ਚੋਰੀ ਕੀਤਾ ਸੀ ਅਤੇ ਹਥਿਆਰਾਂ ਨਾਲ ਲੈਸ ਸੀ।

ਪੁਲਿਸ ਨੇ ਵਾਹਨ ਦਾ ਪਤਾ ਲਗਾਇਆ ਅਤੇ ਪਾਇਆ ਕਿ ਇਹ ਚੋਰੀ ਹੋ ਗਿਆ ਸੀ। ਪੁਲਿਸ ਨੇ ਕਿਹਾ ਕਿ ਅਧਿਕਾਰੀਆਂ ਨੇ ਚੋਰੀ ਕੀਤੀ ਗਈ ਗੱਡੀ ਨੂੰ ਘੇਰ ਲਿਆ ਅਤੇ ਫਿਰ ਕਈ ਕਰੂਜ਼ਰ ਨੁਕਸਾਨੀ ਗਈ।

ਸੋਸ਼ਲ ਮੀਡੀਆ 'ਤੇ ਵੀਡੀਓ ਵਿੱਚ ਕਰੂਜਰ ਦੇ ਉੱਤੇ ਵੱਡੀ ਲਾਲ ਅਤੇ ਕਾਲੀ ਬਰੋਂਕੋ ਨੂੰ ਚੜ੍ਹਿਆ ਹੋਇਆ ਦੇਖਿਆ ਜਾ ਸਕਦਾ ਹੈ।

...ਬਾਕੀ ਪੰਨਾ 2 'ਤੇ

## ਬੈਂਕ ਆਫ ਕੈਨੇਡਾ ਨੇ ਲਗਾਤਾਰ ਤੀਜੀ ਵਾਰ ਮੁੱਖ ਵਿਆਜ ਦਰ ਵਿੱਚ ਕੀਤੀ ਕਟੌਤੀ

ਓਟਵਾ, 5 ਸਤੰਬਰ (ਪੋਸਟ ਬਿਊਰੋ): ਬੈਂਕ ਆਫ ਕੈਨੇਡਾ ਨੇ ਆਪਣੀ ਮੁੱਖ ਵਿਆਜ ਦਰ ਵਿੱਚ 25 ਆਧਾਰ ਅੰਕਾਂ ਦੀ ਕਟੌਤੀ ਕਰਕੇ ਇਸਨੂੰ 4.25 ਫ਼ੀਸਦੀ ਕਰ ਦਿੱਤਾ ਹੈ।

ਜੂਨ ਦੇ ਬਾਅਦ ਤੋਂ ਇਹ ਤੀਜੀ ਕਟੌਤੀ ਹੈ ਅਤੇ ਪਹਿਲੀ ਵਾਰ ਕੇਂਦਰੀ ਬੈਂਕ ਨੇ 2009 ਵਿੱਚ ਸੰਸਾਰਿਕ ਵਿੱਤੀ ਸੰਕਟ ਦੇ ਬਾਅਦ ਤੋਂ ਲਗਾਤਾਰ ਤਿੰਨ ਕਟੌਤੀਆਂ ਕੀਤੀਆਂ ਹਨ। ਗਵਰਨਰ ਟਿਫ ਮੈਕਲੇਮ ਦਾ ਕਹਿਣਾ ਹੈ ਕਿ ਜੇਕਰ ਮਾਲੀ ਹਾਲਤ ਵਿੱਚ ਸੁਧਾਰ ਜਾਰੀ ਰਿਹਾ ਤਾਂ ਕੈਨੇਡੀਅਨ ਇਸ ਸਾਲ ਦੇ ਅੰਤ ਵਿੱਚ ਹੋਰ ਜ਼ਿਆਦਾ ਦਰਾਂ ਵਿੱਚ ਕਟੌਤੀ ਦੀ ਉਮੀਦ ਕਰ ਸਕਦੇ ਹਨ। ਅਗਲੀ ਦਰ ਅਪਡੇਟ 23 ਅਕਤੂਬਰ ਲਈ ਨਿਰਧਾਰਤ ਹੈ।

ਇੱਕ ਬਿਆਨ ਵਿੱਚ ਮੈਕਲੇਮ ਨੇ ਕਿਹਾ ਕਿ ਇਸ ਸਾਲ ਦੀ ਦੂਜੀ ਤਿਮਾਹੀ ਵਿੱਚ



ਕੈਨੇਡੀਅਨ ਮਾਲੀ ਹਾਲਤ ਵਿੱਚ 2.1 ਫ਼ੀਸਦੀ ਦਾ ਵਾਧਾ ਹੋਇਆ ਹੈ। ਸਰਕਾਰੀ ਖਰਚ ਅਤੇ ਕਾਰੋਬਾਰੀ ਨਿਵੇਸ਼ ਦੀ ਅਗਵਾਈ ਵਿੱਚ ਇਹ ਵਾਧਾ ਕੇਂਦਰੀ ਬੈਂਕ ਦੇ ਜੁਲਾਈ ਦੇ ਪੂਰਵਾਨੁਮਾਨ ਤੋਂ ਥੋੜ੍ਹੀ ਜ਼ਿਆਦਾ ਸੀ।

ਮੈਕਲੇਮ ਅਨੁਸਾਰ ਬੈਂਕ ਦਾ ਜੁਲਾਈ ਦਾ ਪੂਰਵਾਨੁਮਾਨ ਇਸ ਸਾਲ ਦੀ ਦੂਜੀ ਛਿਮਾਹੀ ਵਿੱਚ ਸਮਾਨ ਵਾਧੇ ਦੀ ਭਵਿੱਖਵਾਣੀ ਕਰ ਰਿਹਾ ਹੈ ਅਤੇ ਮੁਦਰਾਸਫੀਤੀ ਵਿੱਚ ਕਮੀ ਆਉਣ ਦੀ ਉਮੀਦ ਹੈ।






















## ਅੱਜ ਨਾਮਾ

ਫੜਿਆ ਫੇਰ ਇੱਕ ਸੁਣੀਂਦਾ ਕਾਂਗਰਸੀਆ,
ਭ੍ਰਿਸ਼ਟਾਚਾਰ ਦਾ ਕਹਿਣ ਇਲਜ਼ਾਮ ਮੀਆਂ।
ਸਤਾਰਾਂ-ਬਾਈ ਵਿੱਚ ਕੀਤੇਜੋਗਏ ਘਪਲੇ,
ਚਰਚਾ ਹੁੰਦੀ ਪਈ ਉਹੋ ਬੱਸ ਆਮ ਮੀਆਂ।
ਜਿਹੜੇ ਦੌਲਤ ਦੇ ਢੇਰ ਸਨ ਰਹੇ ਲਾਉਂਦੇ,
ਫਸਦੇ ਫਿਰਦੇ ਹਨ ਲੀਡਰ ਤਮਾਮ ਮੀਆਂ।
ਵਕਤ ਰਾਜ ਦੇ ਜਿਹੜੇ ਕਈ ਨਾਲ ਫਿਰਦੇ,
ਜੋੜਨਾ ਨਾਲ ਉਹ ਚਾਹੁਣ ਨਾ ਨਾਮ ਮੀਆਂ।
ਮਲਾਈ ਚੱਟਣ ਲਈ ਯਾਰ ਨੇ ਬਹੁਤ ਹੁੰਦੇ,
ਮੁਸ਼ਕਲ ਆਵੇ ਤਾਂ ਛੱਡ ਗਏ ਰਾਹ ਮੀਆਂ।
ਯਾਰੀ-ਦੋਸਤੀ ਮਾਇਆ ਲਈ ਸਾਂਝ ਹੁੰਦੀ,
ਕੋਈ ਨਹੀਂ ਕਿਸੇ ਦਾ ਖੈਰ-ਖਵਾਹ ਮੀਆਂ।

**ਤੀਸ ਮਾਰ ਖਾਂ**

# ਪੁਲਿਸ ਤੋਂ ਭੱਜਣ ਦੀ ਕੋਸ਼ਿਸ਼ ਵਿਚ ਮੁਲਜ਼ਮ ਨੇ ਮਿਸੀਸਾਗਾ ਡਰਾਈਵ-ਥਰੂ 'ਤੇ ਕਰੂਜ਼ਰ 'ਤੇ ਚੜ੍ਹਾਈ ਫੋਰਡ ਬਰੋਂਕੋ

ਪੰਨਾ 1 ਦਾ ਬਾਕੀ

ਵੀਡੀਓ ਵਿੱਚ ਪੁਲਿਸ ਡਰਾਈਵ-ਥਰੂ ਵਿੰਡੋ ਵਰਗੀ ਦਿਸਣ ਵਾਲੀ ਜਗ੍ਹਾ 'ਤੇ ਵਾਹਨ ਨੂੰ ਘੇਰਨ ਲਈ ਪਹੁੰਚੀ ਦਿਖਾਈ ਦਿੰਦੀ ਹੈ। ਡਰਾਈਵਰ ਪਹਿਲਾਂ ਤਾਂ ਗੱਡੀ ਨੂੰ ਪਿੱਛੇ ਵੱਲ ਮੋੜਨ ਦੀ ਕੋਸ਼ਿਸ਼ ਕਰਦਾ ਹੈ ਪਰ ਉਹ ਵੇਖਦਾ ਹੈ ਕਿ ਉਹ ਪਿੱਛੇ ਨਹੀਂ ਹੱਟ ਸਕਦਾ। ਫਿਰ ਇੱਕ ਅਧਿਕਾਰੀ ਆਪਣੀ ਗੱਡੀ ਵਿਚੋਂ ਬਾਹਰ ਨਿਕਲਦਾ ਹੈ ਅਤੇ ਮੁਸਾਫਿਰ ਵੱਲ ਵਾਲੀ ਖਿੜਕੀ 'ਤੇ ਗੰਨ ਤਾਣਦਾ ਹੈ ਅਤੇ ਡਰਾਈਵਰ ਨੂੰ ਨਿਰਦੇਸ਼ ਦੇਣ ਦੀ ਕੋਸ਼ਿਸ਼ ਕਰਦਾ ਹੈ। ਥੋੜ੍ਹੀ ਦੇਰ ਬਾਅਦ ਗੱਡੀ ਅੱਗੇ ਵੱਲ ਵਧਦੀ ਹੋਈ ਵਿਖਾਈ ਦਿੰਦੀ ਹੈ ਅਤੇ ਭੱਜਣ ਲਈ ਪੁਲਿਸ ਦੀ ਕਰੂਜਰ ਨੂੰ ਕੁਚਲਣ ਦੀ ਕੋਸ਼ਿਸ਼ ਕਰਦੀ ਹੈ। ਹਾਲਾਂਕਿ, ਗੱਡੀ ਪੂਰੀ ਤਰ੍ਹਾਂ ਨਾਲ ਕਰੂਜ਼ਰ 'ਤੇ ਚੜ੍ਹਨ ਵਿੱਚ ਅਸਮਰਥ ਹੁੰਦੀ ਹੈ ਅਤੇ ਪਿੱਛੇ ਹੱਟ ਜਾਂਦੀ ਹੈ, ਜਿਸ ਨਾਲ ਕਰੂਜਰ ਦੀ ਸਾਹਮਣੇ ਦੀ ਖਿੜਕੀ ਟੁੱਟੀ ਹੋਈ ਵਿਖਾਈ ਦਿੰਦੀ ਹੈ।

ਇਹ ਘਟਨਾ ਸ਼ਾਮ ਸਮੇਂ ਹੋਈ, ਇਸ ਲੋਕਾਂ ਦੀ ਭੀੜ ਵੀ ਸੀ। ਇੱਕ ਚਸ਼ਮਦੀਹ ਨੇ ਦੱਸਿਆ ਕਿ ਇਹ ਇੱਕ ਭਿਆਨਕ ਦ੍ਰਿਸ਼ ਸੀ। ਮੈਨੂੰ ਲੱਗਾ ਕਿ ਪੁਲਿਸ ਗੋਲੀ ਚਲਾਉਣ ਵਾਲੀ ਹੈ। ਉਸਨੇ ਦੱਸਿਆ ਕਿ ਮੁਲਜ਼ਮ ਪਾਸੇ ਵਾਲੀ ਖਿੜਕੀ ਵਿਚੋਂ ਬਾਹਰ ਨਿਕਲਿਆ ਤਾਂ ਪੁਲਿਸ ਨੇ ਉਸਨੂੰ ਫੜ੍ਹ ਲਿਆ ਅਤੇ ਫਿਰ ਅਧਿਕਾਰੀਆਂ ਨੇ ਉਸਤੋਂ ਪੁੱਛਗਿਛ ਕੀਤੀ।

ਪੁਲਿਸ ਨੇ ਬੁੱਧਵਾਰ ਨੂੰ ਕਿਹਾ ਕਿ 25 ਸਾਲਾ ਰਮਨਪ੍ਰੀਤ ਸਿੰਘ 'ਤੇ ਕਈ ਚਾਰਜਿਜ਼ ਲਗਾਏ ਹਨ।

# ਮੁੱਖ ਮੰਤਰੀ ਦੀ ਅਗਵਾਈ ਹੇਠ ਕੈਬਨਿਟ ਵੱਲੋਂ ਪੰਜਾਬ ਲਈ ਨਵੀਂ ਖੇਤੀਬਾੜੀ ਨੀਤੀ ਤਿਆਰ ਕਰਨ ਨੂੰ ਮਨਜ਼ੂਰੀ

## ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਦੇ ਮੰਤਵ ਨਾਲ ਲਿਆ ਫੈਸਲਾ



ਚੰਡੀਗੜ੍ਹ, 5 ਸਤੰਬਰ (ਪੋਸਟ ਬਿਊਰੋ): ਕਿਸਾਨਾਂ ਦੀ ਭਲਾਈ ਯਕੀਨੀ ਬਣਾਉਣ ਅਤੇ ਅਨਾਜ ਉਤਪਾਦਨ ਵਿੱਚ ਵਧਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੰਤਰੀ ਮੰਡਲ ਨੇ ਵੀਰਵਾਰ ਨੂੰ ਸੂਬੇ ਲਈ ਨਵੀਂ ਖੇਤੀਬਾੜੀ ਨੀਤੀ ਬਣਾਉਣ ਨੂੰ ਹਰੀ ਝੰਡੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਅਗਵਾਈ ਹੇਠ ਉਨ੍ਹਾਂ ਦੀ ਅਧਿਕਾਰਕ ਰਿਹਾਇਸ਼ ਉਤੇ ਮੰਤਰੀ ਮੰਡਲ ਦੀ ਹੋਈ ਮੀਟਿੰਗ ਵਿੱਚ ਲਿਆ ਗਿਆ।

ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਮੇਂ ਰਵਾਇਤੀ ਖੇਤੀ ਖੜੋਤ ਦੇ ਕੰਢੇ ਉਤੇ ਪੁੱਜ ਗਈ ਹੈ ਅਤੇ ਅਨਾਜ ਉਤਪਾਦਨ ਨੂੰ ਹੁਲਾਰਾ ਦੇਣ ਲਈ ਨਵੀਂ ਖੇਤੀਬਾੜੀ ਨੀਤੀ ਬਣਾਉਣ ਦੀ ਲੋੜ ਹੈ। ਆਉਣ ਵਾਲੀਆਂ ਨਸਲਾਂ ਲਈ ਧਰਤੀ ਹੇਠਲਾ ਪਾਣੀ ਬਚਾਉਣ ਅਤੇ ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਵੀ ਨਵੀਂ ਖੇਤੀਬਾੜੀ ਨੀਤੀ ਦੀ ਲੋੜ ਹੈ। ਮੀਟਿੰਗ ਵਿੱਚ ਫੈਸਲਾ ਹੋਇਆ ਕਿ ਨਵੀਂ ਖੇਤੀਬਾੜੀ ਨੀਤੀ ਬਣਾਉਣ ਲਈ ਸਾਰੇ ਵੱਡੇ ਭਾਈਵਾਲਾਂ ਦੀ ਰਾਇ ਲਈ ਜਾਵੇਗੀ।

### ਪੰਜਾਬ ਲਈ ਨਵੀਂ ਸਿੱਖਿਆ ਨੀਤੀ ਪੇਸ਼ ਕਰਨ ਬਾਰੇ ਬਣੀ ਸਹਿਮਤੀ

ਕੈਬਨਿਟ ਨੇ ਹੁਨਰ ਤੇ ਤਕਨੀਕ ਆਧਾਰਤ ਸਿੱਖਿਆ ਨੂੰ ਵੱਡਾ ਹੁਲਾਰਾ ਦੇਣ ਲਈ ਸੂਬੇ ਵਿੱਚ ਨਵੀਂ ਸਿੱਖਿਆ ਨੀਤੀ ਲਾਗੂ ਕਰਨ ਦੀ ਸਹਿਮਤੀ ਵੀ ਦੇ ਦਿੱਤੀ। ਇਸ ਨਾਲ ਜਿੱਥੇ ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ, ਉੱਥੇ ਉਹ ਪੰਜਾਬ ਦੀ ਸਮਾਜਿਕ-ਆਰਥਿਕ ਤਰੱਕੀ ਦਾ ਅਨਿੱਖੜ ਅੰਗ ਬਣਨਗੇ। ਇਸ ਨੀਤੀ ਨਾਲ ਸੂਬੇ ਵਿੱਚ ਸਿੱਖਿਆ ਵਿੱਚ ਗੁਣਾਤਮਕ ਤਬਦੀਲੀ ਦੇਖਣ ਨੂੰ ਮਿਲੇਗੀ, ਜਿਸ ਨਾਲ ਨੌਜਵਾਨਾਂ ਨੂੰ ਵੱਡੇ ਪੱਧਰ ਉਤੇ ਫਾਇਦਾ ਮਿਲੇਗਾ।

### ਵੱਧ ਤੋਂ ਵੱਧ ਵਪਾਰੀਆਂ ਨੂੰ ਲਾਹਾ ਦੇਣ ਲਈ ਓ.ਟੀ.ਐਸ.-3 ਦਾ ਦਾਇਰਾ ਵਧੇਗਾ

ਮੰਤਰੀ ਮੰਡਲ ਨੇ ਪੰਜਾਬ ਦੇ ਵੱਧ ਤੋਂ ਵੱਧ ਵਪਾਰੀਆਂ ਨੂੰ ਲਾਭ ਦੇਣ ਲਈ ਵੈਟ ਦੇ ਲਟਕਦੇ ਕੇਸਾਂ ਦੇ ਨਿਬੇੜੇ ਲਈ ਓ.ਟੀ.ਐਸ.-3 ਦਾ ਦਾਇਰਾ ਵਧਾਉਣ ਦੀ ਵੀ ਸਹਿਮਤੀ ਦੇ ਦਿੱਤੀ। ਪੂਰੀ ਤਰ੍ਹਾਂ ਨਾਕਾਮ ਰਹੀਆਂ ਪਿਛਲੀਆਂ ਸਕੀਮਾਂ ਦੇ ਮੁਕਾਬਲੇ ਮੌਜੂਦਾ ਸਕੀਮ ਦਾ ਕਾਰੋਬਾਰੀਆਂ ਨੂੰ ਚੋਖਾ ਲਾਭ ਮਿਲਿਆ ਹੈ, ਜਿਸ ਨਾਲ ਇਸ ਓ.ਟੀ.ਐਸ. ਰਾਹੀਂ ਸੂਬਾ ਸਰਕਾਰ ਨੇ ਪਿਛਲੇ ਵਿੱਤੀ ਵਰ੍ਹੇ ਦੇ ਮੁਕਾਬਲੇ 164 ਕਰੋੜ ਰੁਪਏ ਵਾਧੂ ਕਮਾਏ। ਇਸ ਸਕੀਮ ਦਾ ਦਾਇਰਾ ਵਧਾਉਣ ਬਾਰੇ ਰਸਮੀ ਆਦੇਸ਼ ਜਲਦੀ ਜਾਰੀ ਕੀਤੇ ਜਾਣਗੇ।

### ਮੰਤਰੀ ਮੰਡਲ ਨੇ ਸੂਬੇ ਦਾ ਮਾਲੀਆ ਸਾਲਾਨਾ 2400 ਤੋਂ 3000 ਕਰੋੜ ਤੱਕ ਵਧਾਉਣ ਲਈ ਲਏ ਫੈਸਲੇ

ਸਰਕਾਰੀ ਮਾਲੀਆ ਵਧਾਉਣ ਲਈ ਮੰਤਰੀ ਸਮੂਹ ਨੇ ਡੀਜ਼ਲ ਉਤੇ ਵੈਟ ਦਰ 12 ਫੀਸਦੀ+10 ਫੀਸਦੀ ਸਰਚਾਰਜ ਜਾਂ 10.02 ਰੁਪਏ ਪ੍ਰਤੀ ਲੀਟਰ (ਸਰਚਾਰਜ ਸਮੇਤ) ਜੋ ਵੀ ਜ਼ਿਆਦਾ ਹੋਵੇ, ਤੋਂ ਵਧਾ ਕੇ 13.09 ਫੀਸਦੀ+10 ਫੀਸਦੀ ਸਰਚਾਰਜ ਜਾਂ 10.94 ਰੁਪਏ ਪ੍ਰਤੀ ਲੀਟਰ (ਸਰਚਾਰਜ ਸਮੇਤ), ਜਿਹੜਾ ਵੀ ਜ਼ਿਆਦਾ ਹੋਵੇ, ਕਰ ਦਿੱਤਾ ਗਿਆ ਹੈ। ਇਸੇ ਤਰ੍ਹਾਂ ਪੈਟਰੋਲ ਉਤੇ ਵੈਟ 15.74 ਫੀਸਦੀ + 10 ਫੀਸਦੀ ਸਰਚਾਰਜ ਜਾਂ 14.32 ਰੁਪਏ ਪ੍ਰਤੀ ਲੀਟਰ (ਸਰਚਾਰਜ ਸਮੇਤ), ਜੋ ਵੀ ਵੱਧ ਹੋਵੇ, ਤੋਂ ਵਧਾ ਕੇ 16.52 ਫੀਸਦੀ +10 ਫੀਸਦੀ ਸਰਚਾਰਜ ਜਾਂ 14.88 ਰੁਪਏ ਪ੍ਰਤੀ ਲੀਟਰ (ਸਰਚਾਰਜ ਸਮੇਤ), ਜੋ ਵੀ ਜ਼ਿਆਦਾ ਹੋਵੇ, ਕਰ ਦਿੱਤਾ ਗਿਆ ਹੈ। ਇਸ ਦੇ ਨਤੀਜੇ ਵਜੋਂ ਡੀਜ਼ਲ ਉਤੇ ਵੈਟ 92 ਪੈਸੇ ਪ੍ਰਤੀ ਲੀਟਰ ਵਧੇਗਾ ਅਤੇ ਪੈਟਰੋਲ ਉਤੇ 61 ਪੈਸੇ ਪ੍ਰਤੀ ਲੀਟਰ ਵਧੇਗਾ। ਸੂਬਾ ਸਰਕਾਰ ਨੇ ਸੱਤ ਕਿੱਲੋਵਾਟ ਤੋਂ ਜ਼ਿਆਦਾ ਲੋਡ ਵਾਲੇ ਬਿਜਲੀ ਖਪਤਕਾਰਾਂ ਨੂੰ ਦਿੱਤੀ ਜਾਂਦੀ ਸਬਸਿਡੀ ਨੂੰ ਖ਼ਤਮ ਕਰਨ ਦਾ ਫੈਸਲਾ ਕੀਤਾ। ਇਸ ਨਾਲ ਸੂਬੇ ਦੇ ਮਾਲੀਆ ਵਿੱਚ 2400 ਤੋਂ 3000 ਕਰੋੜ ਰੁਪਏ ਵੱਧ ਆਉਣਗੇ।

### ਢੋਆ-ਢੁਆਈ ਵਾਲੇ ਵਾਹਨਾਂ ਤੇ ਆਟੋ-ਰਿਕਸ਼ਾ ਮਾਲਕਾਂ ਨੂੰ ਵੱਡੀ ਰਾਹਤ

ਢੋਆ-ਢੁਆਈ ਵਾਲੇ ਵਾਹਨਾਂ ਤੇ ਥ੍ਰੀ ਵੀਲ੍ਹਰ (ਯਾਤਰੀ, ਆਟੋ ਰਿਕਸ਼ਾ) ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਕੈਬਨਿਟ ਨੇ ਹਰੇਕ ਤਿਮਾਹੀ ਬਾਅਦ ਟੈਕਸ ਅਦਾ ਕਰਨ ਦੀ ਪ੍ਰਕਿਰਿਆ ਨੂੰ ਖ਼ਤਮ ਕਰਨ ਦੀ ਸਹਿਮਤੀ ਦੇ ਦਿੱਤੀ, ਜਿਸ ਨਾਲ ਮਾਲਕਾਂ ਦੀ ਬੇਲੋੜੀ ਪ੍ਰੇਸ਼ਾਨੀ ਘਟੇਗੀ। ਹੁਣ ਇਨ੍ਹਾਂ ਪੁਰਾਣੇ ਕਮਰਸ਼ੀਅਲ ਵਾਹਨਾਂ ਦੇ ਮਾਲਕ ਆਪਣੇ ਵਾਹਨਾਂ ਲਈ ਸਾਲਾਨਾ ਉੱਕਾ-ਪੁੱਕਾ ਟੈਕਸ ਜਮ੍ਹਾਂ ਕਰਵਾ ਸਕਣਗੇ, ਜਿਸ ਨਾਲ ਉਨ੍ਹਾਂ ਦੇ ਪੈਸੇ, ਸਮੇਂ ਤੇ ਊਰਜਾ ਦੀ ਬੱਚਤ ਹੋਵੇਗੀ। ਅਜਿਹੇ ਨਵੇਂ ਵਾਹਨ ਲੈਣ ਵਾਲਿਆਂ ਨੂੰ ਹੁਣ ਚਾਰ ਜਾਂ ਅੱਠ ਸਾਲਾਂ ਲਈ ਇਕੱਠਾ ਟੈਕਸ ਭਰਨ ਦਾ ਵਿਕਲਪ ਮਿਲੇਗਾ, ਜਿਸ ਉਤੇ ਉਨ੍ਹਾਂ ਨੂੰ ਕ੍ਰਮਵਾਰ 10 ਤੇ 20 ਫੀਸਦੀ ਦੀ ਰਿਆਇਤ ਮਿਲੇਗੀ।

# ਪੰਜਾਬ ਨੂੰ ਏ.ਆਈ.ਐਫ. ਸਕੀਮ ਤਹਿਤ ਭਾਰਤ 'ਚ "ਬਿਹਤਰੀਨ ਪ੍ਰਦਰਸ਼ਨ ਕਰਨ ਵਾਲਾ ਰਾਜ ਐਵਾਰਡ" ਮਿਲਿਆ

### -ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਸ਼ਾਨਦਾਰ ਪ੍ਰਾਪਤੀ ਲਈ ਅਧਿਕਾਰੀਆਂ ਦੀ ਸ਼ਲਾਘਾ

ਚੰਡੀਗੜ੍ਹ, 5 ਸਤੰਬਰ (ਪੋਸਟ ਬਿਊਰੋ): ਪੰਜਾਬ ਨੂੰ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ) ਸਕੀਮ ਤਹਿਤ ਸਾਲ 2023-24 ਵਿੱਚ "ਬਿਹਤਰੀਨ ਪ੍ਰਦਰਸ਼ਨ ਕਰਨ ਵਾਲਾ ਰਾਜ" ਐਵਾਰਡ ਦਿੱਤਾ ਗਿਆ ਹੈ। ਪੰਜਾਬ ਨੂੰ ਇਹ ਐਵਾਰਡ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਭਾਰਤ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਨੈਸ਼ਨਲ ਐਗਰੀਕਲਚਰ ਸਾਇੰਸ ਕੰਪਲੈਕਸ, ਨਵੀਂ ਦਿੱਲੀ ਵਿਖੇ ਕਰਵਾਏ ਗਏ ਏ.ਆਈ.ਐਫ ਐਕਸੀਲੈਂਸ ਐਵਾਰਡ ਸਮਾਰੋਹ ਦੌਰਾਨ ਦਿੱਤਾ।

ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਇਸ ਵੱਕਾਰੀ ਪ੍ਰਾਪਤੀ ਲਈ ਵਿਭਾਗ ਦੇ ਅਧਿਕਾਰੀਆਂ ਅਤੇ ਸਮੁੱਚੀ ਏ.ਆਈ.ਐਫ ਟੀਮ ਨੂੰ ਵਧਾਈ ਦਿੱਤੀ ਅਤੇ ਇਸ ਸਕੀਮ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਅੱਜ ਡਾਇਰੈਕਟਰ ਬਾਗ਼ਬਾਨੀ ਸ਼ੈਲਿੰਦਰ ਕੌਰ ਆਈ.ਐਫ.ਐਸ, ਜੁਆਇੰਟ ਡਾਇਰੈਕਟਰ ਤਜਿੰਦਰ ਬਾਜਵਾ, ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਅਤੇ ਏ.ਆਈ.ਐਫ ਦੀ ਟੀਮ ਲੀਡਰ ਰਵਦੀਪ ਕੌਰ ਵੱਲੋਂ ਇਹ ਐਵਾਰਡ ਸੌਂਪਿਆ ਗਿਆ।

ਪੰਜਾਬ ਵੱਲੋਂ ਇਸ ਸਕੀਮ ਤਹਿਤ ਕੀਤੇ ਗਏ ਸ਼ਾਨਦਾਰ ਵਿਕਾਸ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਵਿੱਤੀ ਸਾਲ 2021-22 ਵਿੱਚ ਸਿਰਫ਼ 164 ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਬਾਗ਼ਬਾਨੀ ਵਿਭਾਗ (ਜੋ ਏ.ਆਈ.ਐਫ ਲਈ ਸਟੇਟ ਨੋਡਲ ਏਜੰਸੀ ਵਜੋਂ ਕੰਮ ਕਰ ਰਿਹਾ ਹੈ) ਦੀ ਰਣਨੀਤਕ ਯੋਜਨਾਬੰਦੀ ਅਤੇ ਸਮਰਪਿਤ ਪ੍ਰਾਜੈਕਟ ਨਿਗਰਾਨੀ ਯੂਨਿਟ (ਪੀ.ਐਮ.ਯੂ) ਦੀ ਸ਼ੁਰੂਆਤ ਨਾਲ ਇਸ ਅੰਕੜੇ ਨੇ ਅਗਲੇ ਵਰ੍ਹੇ ਨਵੀਆਂ ਬੁਲੰਦੀਆਂ ਨੂੰ ਛੂਹਿਆ ਅਤੇ ਵਿੱਤੀ ਸਾਲ 2022-23 ਤੱਕ ਸੂਬੇ ਨੇ 3,480 ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ, ਜੋ ਵਿੱਤੀ ਸਾਲ 2023-24 ਦੌਰਾਨ ਲਗਭਗ ਚਾਰ ਗੁਣਾਂ ਵਧ ਕੇ 12,064 ਹੋ ਗਏ। ਉਨ੍ਹਾਂ ਦੱਸਿਆ ਕਿ ਅਗਸਤ 2024 ਤੱਕ ਮਨਜ਼ੂਰ ਕੀਤੇ ਪ੍ਰਾਜੈਕਟਾਂ ਦੀ ਕੁੱਲ ਸੰਖਿਆ 16,680 ਪਹੁੰਚ ਗਈ ਹੈ।

ਜ਼ਿਕਰਯੋਗ ਹੈ ਕਿ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਨ੍ਹਾਂ ਪ੍ਰਾਜੈਕਟਾਂ ਤਹਿਤ 6,626 ਕਰੋੜ ਦੇ ਵੱਡੇ ਨਿਵੇਸ਼ ਕੀਤੇ ਗਏ। ਇਸ ਵਿੱਚੋਂ ਭਾਗੀਦਾਰ ਬੈਂਕਾਂ ਨੇ ਕੁੱਲ 3,941 ਕਰੋੜ ਰੁਪਏ ਦੇ ਮਿਆਦੀ ਕਰਜ਼ੇ ਮਨਜ਼ੂਰ ਕੀਤੇ, ਜੋ ਪੰਜਾਬ ਭਰ 'ਚ ਖੇਤੀਬਾੜੀ ਖੇਤਰ ਵਿੱਚ ਸੁਧਾਰ ਕਰਨ ਲਈ ਇੱਕ ਮਜ਼ਬੂਤ ਵਿੱਤੀ ਵਚਨਬੱਧਤਾ ਦਾ ਸੰਕੇਤ ਹੈ। ਪੰਜਾਬ ਵਿੱਚ ਇਸ ਸਕੀਮ ਰਾਹੀਂ ਸਥਾਪਿਤ ਕੀਤੇ ਗਏ ਪ੍ਰਾਜੈਕਟਾਂ ਦੀਆਂ ਪ੍ਰਮੁੱਖ ਸ਼੍ਰੇਣੀਆਂ ਵਿੱਚ ਕਸਟਮ ਹਾਇਰਿੰਗ ਸੈਂਟਰ, ਪ੍ਰਾਇਮਰੀ ਪ੍ਰੋਸੈਸਿੰਗ ਸੈਂਟਰ, ਛਟਾਈ ਯੂਨਿਟ, ਕੋਲਡ ਸਟੋਰ, ਵਾਢੀ ਤੋਂ ਬਾਅਦ ਪ੍ਰਬੰਧਨ ਲਈ ਬੁਨਿਆਦੀ ਢਾਂਚਾ, ਮੌਜੂਦਾ ਬੁਨਿਆਦੀ ਢਾਂਚੇ 'ਤੇ ਸੋਲਰ ਪੈਨਲ ਅਤੇ ਸੋਲਰ ਪੰਪ ਲਾਉਣਾ ਆਦਿ ਸ਼ਾਮਲ ਹਨ।

ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਅਤੇ ਕੇ.ਏ.ਪੀ. ਸਿਨਹਾ, ਵਿਸ਼ੇਸ਼ ਮੁੱਖ ਸਕੱਤਰ, ਪੰਜਾਬ ਸਰਕਾਰ ਦੇ ਰਣਨੀਤਕ ਸਹਿਯੋਗ ਸਦਕਾ ਪੰਜਾਬ ਵਿੱਚ ਇਸ ਸਕੀਮ ਨੂੰ ਸਰਗਰਮੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਦੱਸਣਾ ਬਣਦਾ ਹੈ ਕਿ ਪੰਜਾਬ ਵਿੱਚ ਇਸ ਸਕੀਮ ਦੇ 70 ਫ਼ੀਸਦੀ ਤੋਂ ਵੱਧ ਲਾਭਪਾਤਰੀ ਕਿਸਾਨ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪ੍ਰਾਪਤੀ ਨਾਲ ਸਕੀਮ ਦਾ ਲਾਭ ਖੇਤੀਬਾੜੀ ਭਾਈਚਾਰੇ ਤੱਕ ਪਹੁੰਚਾਉਣ ਵਿੱਚ ਪੰਜਾਬ ਦੀ ਅਗਾਂਹਵਧੂ ਭੂਮਿਕਾ ਨੂੰ ਉਜਾਗਰ ਕਰਨ ਸਣੇ ਖੇਤੀਬਾੜੀ ਖੇਤਰ ਵਿੱਚ ਸਕੀਮ ਦੇ ਲਾਗੂਕਰਨ ਵੱਲ ਨਿਵੇਕਲਾ ਪੈਂਡਾ ਤੈਅ ਕੀਤਾ ਗਿਆ ਹੈ।

ਡਾਇਰੈਕਟਰ ਬਾਗ਼ਬਾਨੀ ਸ਼ੈਲਿੰਦਰ ਕੌਰ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਕੁਸੁਮ ਕੰਪੋਨੈਂਟ-ਏ ਅਤੇ ਏਕੀਕ੍ਰਿਤ ਪ੍ਰਾਇਮਰੀ-ਸੈਕੰਡਰੀ ਪ੍ਰੋਸੈਸਿੰਗ ਪ੍ਰਾਜੈਕਟ ਹੁਣ ਵਿਸਤਾਰਤ ਏ.ਆਈ.ਐਫ. ਸਕੀਮ ਅਧੀਨ ਯੋਗ ਗਤੀਵਿਧੀਆਂ ਹਨ। ਉਨ੍ਹਾਂ ਦੱਸਿਆ ਕਿ ਲਾਭਪਾਤਰੀ ਹੁਣ ਖੁੰਭਾਂ ਦੀ ਖੇਤੀ, ਪੌਲੀਹਾਊਸ/ਗ੍ਰੀਨਹਾਊਸ ਸਥਾਪਤ ਕਰਨ, ਵਰਟੀਕਲ ਫ਼ਾਰਮਿੰਗ, ਹਾਈਡਰੋਪੌਨਿਕ ਅਤੇ ਐਰੋਪੌਨਿਕ ਫ਼ਾਰਮਿੰਗ ਦੇ ਨਾਲ-ਨਾਲ ਲੌਜਿਸਟਿਕਸ ਸਹੂਲਤਾਂ ਵਰਗੇ ਪ੍ਰਾਜੈਕਟਾਂ ਲਈ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਵਾਧੇ ਨਾਲ ਰਾਜ ਵਿੱਚ ਕਿਸਾਨਾਂ ਅਤੇ ਉੱਦਮੀਆਂ ਲਈ ਆਧੁਨਿਕ ਖੇਤੀ ਤਕਨੀਕਾਂ ਅਤੇ ਬੁਨਿਆਦੀ ਢਾਂਚੇ ਨੂੰ ਅਪਣਾਉਣ ਦੇ ਹੋਰ ਮੌਕੇ ਮਿਲਣਗੇ। ਉਨ੍ਹਾਂ ਉਮੀਦ ਜਤਾਈ ਕਿ ਪੰਜਾਬ ਦੇ ਕਿਸਾਨ ਏ.ਆਈ.ਐਫ ਸਕੀਮ ਦਾ ਲਾਭ ਨਿਰੰਤਰ ਲੈਂਦੇ ਰਹਿਣਗੇ ਕਿਉਂ ਜੋ ਇਸ ਦਾ ਮੌਜੂਦਾ ਵਿਸਤਾਰ ਇਸ ਸਕੀਮ ਨੂੰ ਹੋਰ ਲਾਹੇਵੰਦ ਬਣਾ ਰਿਹਾ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant


ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :

BROKEN SPRINGS
CABLES & ROLLERS
GARAGE DOOR OPENERS

We Install
Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ

Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਹਸਤਕਲਾ ਕਾਰੀਗਰਾਂ ਦੀ ਕਲਾ ਵਿੱਚ ਨਿਖਾਰ ਲਿਆਉਣ ਲਈ ਕਾਰੀਗਰ ਉਥਾਨ ਸਕੀਮ ਤਹਿਤ ਡਿਜ਼ਾਈਨ ਡਿਵੈਲਪਮੈਂਟ ਵਰਕਸ਼ਾਪ ਹੋਈ ਸੰਪੂਰਨ



ਮੋਗਾ, 5 ਸਤੰਬਰ (ਗਿਆਨ ਸਿੰਘ): ਹਸਤਕਲਾ ਰੱਖਦੇ ਕਾਰੀਗਰਾਂ ਦੇ ਹੁਨਰ ਵਿੱਚ ਹੋਰ ਨਿਖਾਰ ਲਿਆਉਣ ਲਈ ਦਫਤਰ ਵਿਕਾਸ ਕਮਿਸ਼ਨਰ (ਹਸਤਕਲਾ) ਹੁਸ਼ਿਆਰਪੁਰ ਭਾਰਤ ਸਰਕਾਰ ਨੇ ਹੈਂਡੀ ਕਰਾਫਟ ਸਰਵਿਸ ਸੈਂਟਰ ਸਕੀਮ ਤਹਿਤ "ਕਾਰੀਗਰ ਉਤਥਾਨ" ਅਧੀਨ ਇੱਕ ਮਹੀਨੇ ਦੀ ਡਿਜਾਈਨ ਡਿਵੈਲਪਮੈਂਟ ਵਰਕਸ਼ਾਪ ਮੋਗਾ ਵਿਖੇ ਕਰਵਾਈ।ਇਹ ਟ੍ਰੇਨਿੰਗ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਮੋਗਾ ਦੀ ਅਗਵਾਈ ਵਿੱਚ 100 ਦਿਨਾਂ ਵਿੱਚ 100 ਕਲੱਸਟਰ ਸਕੀਮ ਅਧੀਨ ਪ੍ਰਜਾਪਤੀ ਧਰਮਸ਼ਾਲਾ ਮੋਗਾ ਵਿਖੇ ਆਯੋਜਿਤ ਕੀਤੀ ਗਈ। ਇੱਕ ਮਹੀਨੇ ਦੀ ਇਸ ਡਿਜ਼ਾਈਨ ਡਿਵੈਲਪਮੈਂਟ ਵਰਕਸ਼ਾਪ ਵਿੱਚ ਮੋਗਾ ਦੇ 30 ਕਾਰੀਗਰਾਂ ਨੇ ਭਾਗ ਲਿਆ। ਇਸ ਇੱਕ ਮਹੀਨੇ ਦੀ ਵਰਕਸ਼ਾਪ ਵਿੱਚ ਕਾਰੀਗਰਾਂ ਦੀ ਕਲਾ ਵਿੱਚ ਬਹੁਤ ਜਿਆਦਾ ਨਿਖਾਰ ਦੇਖਣ ਨੂੰ ਮਿਲਿਆ। ਵਰਕਸ਼ਾਪ ਵਿੱਚ ਕਾਰੀਗਰਾਂ ਨੂੰ ਮਾਰਕੀਟਿੰਗ ਵਿੱਚ ਆਪਣੇ ਪੈਰ ਜਮਾਉਣ ਲਈ ਸਰਕਾਰ ਵੱਲੋਂ ਦਿੱਤੀ ਜਾਂਦੀ ਸਹਾਇਤਾ ਅਤੇ ਇਸਦੀਆਂ ਬਾਰੀਕੀਆਂ ਬਾਰੇ ਵੀ ਜਾਗਰੂਕਤਾ ਫੈਲਾਈ ਗਈ।

ਡਿਜਾਈਨਰ ਜੋਤੀ ਮਿਸ਼ਰਾ ਅਤੇ ਅਸ਼ੋਕ ਕੁਮਾਰ ਮਾਸਟਰ ਸ਼ਿਲਪਕਾਰ ਦੀ ਅਗਵਾਈ ਵਿੱਚ ਵੱਖ-ਵੱਖ ਸੈਲੀਆਂ ਵਿੱਚ ਪ੍ਰੋਟੋਟਾਈਪਾਂ ਦੇ 20 ਸੈੱਟ ਤਿਆਰ ਕੀਤੇ ਗਏ। ਵਰਕਸਾਪ ਦੀ ਸਮਾਪਤੀ ਭਾਗੀਦਾਰਾਂ ਦੇ ਡਿਜਾਈਨਾਂ ਦੇ ਪ੍ਰਦਰਸ਼ਨ ਵਿੱਚ ਹੋਈ, ਜਿਸ ਵਿੱਚ ਫੁੱਲਾਂ ਦੇ ਬਰਤਨ, ਵਾਲ ਹੈਂਗਿੰਗ, ਗਹਿਣੇ ਆਦਿ ਸਮੇਤ ਵੱਖ-ਵੱਖ ਉਤਪਾਦਾਂ ਦੀ ਵਿਸ਼ੇਸ਼ਤਾ ਸਾਮਲ ਸੀ। ਇਹਨਾਂ ਡਿਜ਼ਾਈਨਾਂ ਵਿੱਚ ਪਰੰਪਰਾ ਅਤੇ ਸਮਕਾਲੀ ਸੁਹਜ-ਸਾਸ਼ਤਰ ਦਾ ਸ਼ਾਨਦਾਰ ਸੁਮੇਲ ਦਿਖਾਇਆ ਗਿਆ ਸੀ, ਜੋ ਸਥਾਨਕ ਕਾਰੀਗਰਾਂ ਦੀ ਸਿਰ-ਜਣਾਤਮਕ ਸਮਰੱਥਾ ਨੂੰ ਦਰਸਾਉਂਦਾ ਸੀ।

ਜ਼ਿਲ੍ਹਾ ਉਦਯੋਗ ਕੇਂਦਰ ਮੋਗਾ ਤੋਂ ਨਿਰਮਲ ਸਿੰਘ ਨੇ ਡਿਜਾਈਨ ਵਰਕਸ਼ਾਪ ਦੇ ਸਮਾਪਤੀ ਸੈਸ਼ਨ ਦਾ ਦੌਰਾ ਕੀਤਾ ਅਤੇ ਸਾਰੇ ਕਾਰੀਗਰਾਂ ਨੂੰ ਭਾਗੀਦਾਰੀ ਦੇ ਸਰਟੀਫਿਕੇਟ ਵੰਡੇ। ਉਨ੍ਹਾਂ ਨੇ ਵਰਕਸਾਪ ਦੇ ਨਤੀਜਿਆਂ 'ਤੇ ਆਪਣੀ ਤਸੱਲੀ ਪ੍ਰਗਟਾਈ ਅਤੇ ਦਸਤਕਾਰੀ ਖੇਤਰ ਦੇ ਵਿਕਾਸ ਨੂੰ ਸਮਰਥਨ ਦੇਣ ਲਈ ਸਰਕਾਰ ਦੀ ਵਚਨਬੱਧਤਾ 'ਤੇ ਜੋਰ ਦਿੱਤਾ। ਉਹਨਾਂ ਸਥਾਨਕ ਉਤਪਾਦਾਂ ਦੀ ਮਾਰਕਿਟ ਮੁਕਾਬਲੇਬਾਜੀ ਨੂੰ ਵਧਾਉਣ ਅਤੇ ਕਾਰੀਗਰਾਂ ਲਈ ਟਿਕਾਊ ਰੋਜੀ-ਰੋਟੀ ਪੈਦਾ ਕਰਨ ਲਈ ਡਿਜਾਈਨ ਨਵੀਨਤਾ ਦੀ ਮਹੱਤਤਾ ਪ੍ਰਤੀ ਜਾਗਰੂਕਤਾ ਫੈਲਾਈ।

ਇਸ ਮੌਕੇ ਰਾਜ ਕੁਮਾਰ ਪ੍ਰਧਾਨ ਮਾਟੀ ਕਲਾ ਪਰਜਾਪਤ ਮੋਗਾ, ਅਸ਼ੋਕ ਕੁਮਾਰ ਮਾਸਟਰ ਟਰੇਨਰ, ਧਰਮਵੀਰ ਤੇ ਪਾਲੇ ਰਾਮ ਹਾਜਰ ਸਨ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

Scotiabank PRESENTS
RED 88.9FM
FREE ONE DAY FESTIVAL
SUMMER BHANGRA JAM 2024
AUG 31
CELEBRATION SQUARE, MISSISSAUGA
POWERED BY NANAK SHER
MUSICAL ACTS, BHANGRA COMPETITON, FOOD TRUCK, VENDORS, FASHION, KIDZ ZONE, & MORE

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

You can Place Your Business Here (905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

You can Place Your Business Here (905)793-2202
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential ▪ Commercial ▪ Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੇ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੁੱਖ ਮੰਤਰੀ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਅਧਿਆਪਕਾਂ ਦੀਆਂ ਖਾਲੀ ਪਈਆਂ ਸਾਰੀਆਂ ਅਸਾਮੀਆਂ ਭਰਨ ਦਾ ਐਲਾਨ

*ਸੂਬੇ ਵਿੱਚ ਪੰਜਾਬੀ ਨੂੰ ਹੋਰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਚੁੱਕਿਆ ਕਦਮ *ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਸਮਾਗਮ ਦੀ ਕੀਤੀ ਪ੍ਰਧਾਨਗੀ *ਸ਼ਾਨਦਾਰ ਸੇਵਾਵਾਂ ਲਈ 77 ਅਧਿਆਪਕਾਂ ਦਾ ਕੀਤਾ ਸਨਮਾਨ






ਹੁਸ਼ਿਆਰਪੁਰ, 5 ਸਤੰਬਰ (ਪੋਸਟ ਬਿਊਰੋ): ਪੰਜਾਬ ਵਿੱਚ ਪੰਜਾਬੀ ਭਾਸ਼ਾ ਨੂੰ ਹੋਰ ਪ੍ਰਫੁੱਲਤ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਅਧਿਆਪਕਾਂ ਦੀਆਂ ਖਾਲੀ ਪਈਆਂ ਸਾਰੀਆਂ ਅਸਾਮੀਆਂ ਨੂੰ ਪਹਿਲ ਦੇ ਆਧਾਰ ’ਤੇ ਭਰਨ ਦਾ ਐਲਾਨ ਕੀਤਾ ਹੈ।

ਇੱਥੇ ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਹੋਰ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਮੰਗ ਹੈ। ਉਨ੍ਹਾਂ ਕਿਹਾ ਕਿ ਹਰੇਕ ਪੰਜਾਬੀ ਦੀ ਮਾਂ ਬੋਲੀ ਨੂੰ ਪ੍ਰਫੁੱਲਿਤ ਕਰਨਾ ਸੂਬਾ ਸਰਕਾਰ ਦਾ ਮੁੱਢਲਾ ਤੇ ਤਰਜੀਹੀ ਫ਼ਰਜ਼ ਹੈ ਅਤੇ ਇਸ ਸਬੰਧ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਚੰਗੀ ਤਰ੍ਹਾਂ ਬੋਲਣ ਅਤੇ ਲਿਖਣ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਆਪਣੇ ਸ਼ਾਨਾਮੱਤੇ ਵਿਰਸੇ ਨਾਲ ਨੇੜਿਓਂ ਜੁੜੇ ਰਹਿ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਵੱਡੀ ਗਿਣਤੀ ਵਿੱਚ ਆਸਾਮੀਆਂ ਖਾਲੀ ਪਈਆਂ ਹਨ, ਜਿਸ ਕਾਰਨ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਸੂਬਾ ਸਰਕਾਰ ਨੇ ਸਿੱਖਿਆ ਦੇ ਖੇਤਰ ਨੂੰ ਹੁਲਾਰਾ ਦੇਣ ਲਈ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਕੈਂਪਸ ਮੈਨੇਜਰ, ਸੈਨੇਟਰੀ ਵਰਕਰ, ਚੌਕੀਦਾਰ ਸਮੇਤ ਵੱਡੀ ਗਿਣਤੀ ਵਿੱਚ ਹੋਰ ਆਸਾਮੀਆਂ ਦੀ ਭਰਤੀ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ ਵੱਡ ਆਕਾਰੀ ਮਾਪੇ-ਅਧਿਆਪਕ ਮਿਲਣੀ (ਪੀ.ਟੀ.ਐਮ) ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਵਿੱਚ 20 ਲੱਖ ਮਾਪਿਆਂ ਨੇ ਹਿੱਸਾ ਲਿਆ। ਮੁੱਖ ਮੰਤਰੀ ਨੇ ਕਿਹਾ ਕਿ ਇਸ ਮਾਪੇ-ਅਧਿਆਪਕ ਮਿਲਣੀ ਦੇ ਨਿਵਕਲੇ ਉਪਰਾਲੇ ਨਾਲ ਵਿਦਿਆਰਥੀਆਂ ਨੂੰ ਬਹੁਤ ਲਾਭ ਹੋਵੇਗਾ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਹ ਉਪਰਾਲਾ ਆਉਣ ਵਾਲੇ ਸਮੇਂ ਵਿੱਚ ਵਿਦਿਆਰਥੀਆਂ ਨੂੰ ਚੰਗੀ ਸੇਧ ਦੇ ਕੇ ਉਨ੍ਹਾਂ ਦਾ ਭਵਿੱਖ ਸੰਵਾਰਨ-ਨਿਖ਼ਾਰਨ ਵਿੱਚ ਸਹਾਈ ਹੋਵੇਗਾ।

ਅਧਿਆਪਕਾਂ ਨਾਲ ਭਾਵੁਕਤਾ ਨਾਲ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹਰ ਅਧਿਆਪਕ ਦੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ, ਜਿਸ ਲਈ ਸੂਬਾ ਸਰਕਾਰ ਪਹਿਲਾਂ ਹੀ ਹਰ ਸੰਭਵ ਯਤਨ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਅਧਿਆਪਕ ਵਰਗ ਨੂੰ ਦਰਪੇਸ਼ ਹਰ ਸਮੱਸਿਆ ਦੇ ਹੱਲ ਲਈ ਮੌਜੂਦ ਹਨ। ਉਨ੍ਹਾਂ ਕਿਹਾ ਕਿ ਇੱਕ ਅਧਿਆਪਕ ਦਾ ਪੁੱਤਰ ਹੋਣ ਦੇ ਨਾਤੇ ਉਹ ਅਧਿਆਪਕਾਂ ਦੀਆਂ ਸਮੱਸਿਆਵਾਂ ਤੋਂ ਭਲੀਭਾਂਤ ਜਾਣੂ ਹਨ ਅਤੇ ਅਧਿਆਪਕਾਂ ਦੀਆਂ ਸਾਰੀਆਂ ਮੁਸ਼ਕਲਾਂ ਨੂੰ ਹੱਲ ਕਰਨਾ ਉਨ੍ਹਾਂ ਦਾ ਫ਼ਰਜ਼ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਖਜ਼ਾਨਾ ਲੋਕਾਂ ਦਾ ਹੈ ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਇੱਕ-ਇੱਕ ਪੈਸਾ ਸਮਝਦਾਰੀ ਨਾਲ ਵਰਤਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਸਿੱਖਿਆ ਪ੍ਰਣਾਲੀ ਵਿੱਚ ਵੱਡੇ ਸੁਧਾਰਾਂ ਉਤੇ ਜ਼ੋਰ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇਸ਼-ਵਿਦੇਸ਼ ਦੀਆਂ ਉੱਘੀਆਂ ਵਿੱਦਿਅਕ ਸੰਸਥਾਵਾਂ ਵਿੱਚ ਸਿਖਲਾਈ ਲਈ ਸਕੂਲ ਪ੍ਰਿੰਸੀਪਲਾਂ/ਅਧਿਆਪਕਾਂ ਦੇ ਬੈਚ ਭੇਜ ਰਹੀ ਹੈ ਤਾਂ ਜੋ ਉਹ ਆਪਣੀ ਮੁਹਾਰਤ ਨੂੰ ਹੋਰ ਨਿਖ਼ਾਰਦਿਆਂ ਬੱਚਿਆਂ ਦੇ ਚੰਗੇਰੇ ਭਵਿੱਖ ਲਈ ਹੋਰ ਬਿਹਤਰ ਢੰਗ ਨਾਲ ਕੰਮ ਕਰ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦਾ ਮਨੋਰਥ ਇਹ ਯਕੀਨੀ ਬਣਾਉਣਾ ਹੈ ਕਿ ਅਧਿਆਪਕ ਸਿੱਖਿਆ ਦੇ ਖੇਤਰ ਵਿੱਚ ਵਿਸ਼ਵ ਭਰ ’ਚ ਪ੍ਰਚਲਿਤ ਉੱਨਤ ਅਭਿਆਸਾਂ ਬਾਰੇ ਜਾਣ ਕੇ ਉਨ੍ਹਾਂ ਨੂੰ ਪੰਜਾਬ ਦੇ ਸਕੂਲਾਂ ਵਿੱਚ ਲਾਗੂ ਕਰ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸਕੂਲਾਂ ਨੂੰ ਨਵੀਨ ਤਕਨਾਲੋਜੀ ਨਾਲ ਲੈਸ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਕੂਲ ਆਫ਼ ਐਮੀਨੈਂਸ ਸੂਬੇ ਦੇ ਲੋਕਾਂ ਦੀ ਤਕਦੀਰ ਬਦਲਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਤੀਜਾ ਸਭ ਦੇ ਸਾਹਮਣੇ ਹੈ ਕਿਉਂਕਿ ਸਰਕਾਰੀ ਸਕੂਲਾਂ ਦੇ 158 ਵਿਦਿਆਰਥੀਆਂ ਨੇ ਪਹਿਲੀ ਵਾਰ ਜੇ.ਈ.ਈ. ਪ੍ਰੀਖਿਆ ਪਾਸ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਤਾਂ ਸਿਰਫ਼ ਸ਼ੁਰੂਆਤ ਹੈ ਕਿਉਂਕਿ ਆਉਣ ਵਾਲੇ ਸਮੇਂ ਵਿੱਚ ਅਜਿਹੇ ਹੋਰ ਨਤੀਜੇ ਸਾਹ-ਮਣੇ ਆਉਣਗੇ, ਜਿਸ ਲਈ ਉਨ੍ਹਾਂ ਦੀ ਸਰਕਾਰ ਲਗਾਤਾਰ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੜੀ ਖੁਸ਼ੀ ਅਤੇ ਤਸੱਲੀ ਵਾਲੀ ਗੱਲ ਹੈ ਕਿ ਇਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਨੌਜਵਾਨ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਇਕ ਰਿਕਾਰਡ ਹੈ ਕਿ ਸੂਬੇ ਦੇ ਵਿਦਿਅਕ ਅਦਾਰਿਆਂ ’ਚ ਨੌਜਵਾਨਾਂ ਦੇ ਦਾਖਲਿਆਂ ਦੀ ਗਿਣਤੀ ਵਿੱਚ ਭਾਰੀ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਸਦਕਾ ਸੂਬੇ ਵਿੱਚ ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ ਨੂੰ ਪੁੱਠਾ ਮੋੜਾ ਪਿਆ ਹੈ। ਇਸ ਸ਼ੁੱਭ ਅਵਸਰ ’ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਅਧਿਆਪਕ ਦਿਵਸ ਉਨ੍ਹਾਂ ਲਈ ਵਿਸ਼ੇਸ਼ ਥਾਂ ਰੱਖਦਾ ਹੈ ਕਿਉਂਕਿ ਉਹ ਅਧਿਆਪਕ ਭਾਈਚਾਰੇ ਦਾ ਦਿਲੋਂ ਸਤਿਕਾਰ ਕਰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਮਾਪਿਆਂ ਤੋਂ ਬਾਅਦ ਅਧਿਆਪਕ ਵਿਦਿਆਰਥੀਆਂ ਨੂੰ ਸੇਧ ਦੇ ਕੇ ਆਪਣੀ ਤਕਦੀਰ ਲਿਖਣ ਦੇ ਕਾਬਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਧਿਆਪਕਾਂ ਵੱਲੋਂ ਨਿਭਾਈ ਜਾਂਦੀ ਅਹਿਮ ਭੂਮਿਕਾ ਸਦਕਾ ਉਨ੍ਹਾਂ ਨੂੰ ‘ਦੇਸ਼ ਦੇ ਨਿਰਮਾਤਾ’ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਅਧਿਆਪਕ ਮਿਸ਼ਨਰੀ ਭਾਵਨਾ ਨਾਲ ਵਿਦਿਆਰਥੀਆਂ ਦੀ ਸੇਵਾ ਕਰਦੇ ਰਹਿਣਗੇ।

ਇਸ ਮੌਕੇ ਮੁੱਖ ਮੰਤਰੀ ਨੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ 77 ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ।

# ਭਗਵੰਤ ਮਾਨ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਮੇਸ਼ਾਂ ਵਚਨਬੱਧ : ਵਿਧਾਇਕ ਕੁਲਵੰਤ ਸਿੰਘ



## ਕਿਸਾਨ ਵਿਰੋਧੀ ਬਿੱਲਾਂ ਦਾ ਵਿਰੋਧ ਕਰਨ ਦੌਰਾਨ ਜਾਨਾਂ ਗੁਆਉਣ ਵਾਲੇ ਕਿਸਾਨਾਂ ਦੇ ਆਸ਼ਰਿਤਾਂ ਨੂੰ ਨਿਯੁਕਤੀ ਪੱਤਰ ਸੌਂਪੇ

ਮੋਹਾਲੀ, 5 ਸਤੰਬਰ (ਗਿਆਨ ਸਿੰਘ): ਵਿਧਾਇਕ ਐੱਸ.ਏ.ਐੱਸ.ਨਗਰ ਕੁਲ-ਵੰਤ ਸਿੰਘ ਮੋਹਾਲੀ ਨੇ ਅੱਜ ਇੱਥੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਮੇਸ਼ਾਂ ਵਚਨਬੱਧ ਹੈ।

ਕਿਸਾਨ ਅੰਦੋਲਨ ਵਿੱਚ ਕਿਸਾਨ ਵਿਰੋਧੀ ਬਿੱਲਾਂ ਦਾ ਵਿਰੋਧ ਕਰਨ ਦੌਰਾਨ ਆਪਣੀ ਜਾਨ ਗਵਾਉਣ ਵਾਲੇ ਮ੍ਰਿਤਕ ਕਿਸਾਨਾਂ ਦੇ ਆਸ਼ਰਿਤਾਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਉਨ੍ਹਾਂ ਕਿਹਾ ਕਿ ਹੁਣ ਤੱਕ ਅਜਿਹੇ ਕੁੱਲ 660 ਮ੍ਰਿਤਕ ਕਿਸਾਨਾਂ ਦੇ ਆਸ਼ਰਿਤਾਂ ਨੂੰ ਤਰਸ ਦੇ ਆਧਾਰ ’ਤੇ ਸਰਕਾਰੀ ਨੌਕਰੀਆਂ ’ਤੇ ਭਰਤੀ ਕੀਤਾ ਜਾ ਚੁੱਕਾ ਹੈ। ਜਿਨ੍ਹਾਂ ਵਿੱਚੋਂ 453 ਨੂੰ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਨੌਕਰੀਆਂ ਦਿੱਤੀਆਂ ਗਈਆਂ ਹਨ।

ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਅੱਜ ਖੇਤੀਬਾੜੀ ਵਿਭਾਗ ਵਿੱਚ ਪੰਜ ਨਿਯੁਕਤੀਆਂ ਚ ਬੇਲਦਾਰ (ਕਲਾਸ 4) ਵਜੋਂ ਨੌਕਰੀਆਂ ਦਿੱਤੀਆਂ ਗਈਆਂ ਹਨ। ਅੱਜ ਜਿਨ੍ਹਾਂ ਪੰਜ ਆਸ਼ਰਿਤਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ, ਉਨ੍ਹਾਂ ਵਿੱਚ ਅਸ਼ਵਨਦੀਪ ਸਿੰਘ ਪੁੱਤਰ ਨਰਿੰਦਰ ਸਿੰਘ, ਮਹਿੰਦਰ ਸਿੰਘ ਪੁੱਤਰ ਬਹਾਦਰ ਸਿੰਘ, ਮੰਗਾ ਖਾਨ ਪੁੱਤਰ ਹਮੀਦ ਖਾਨ, ਗੁਰਪ੍ਰੀਤ ਸਿੰਘ ਪੁੱਤਰ ਸਰੋਮ ਸਿੰਘ ਅਤੇ ਹਰਸ਼ਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ (ਸਾਰੇ ਪਟਿਆਲਾ ਜ਼ਿਲ੍ਹੇ ਨਾਲ ਸਬੰਧਤ) ਸ਼ਾਮਿਲ ਹਨ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲ-ਵੰਤ ਸਿੰਘ ਨੇ ਕਿਹਾ ਕਿ ਕਿਸਾਨਾਂ ਦੀਆਂ ਜ਼ਿਆਦਾਤਰ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਤ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲਗਾਤਾਰ ਕਿਸਾਨਾਂ ਨੂੰ ਮਿਲ ਕੇ ਉਨ੍ਹਾਂ ਦੇ ਮਸਲੇ ਹੱਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਖੇਤੀ ਨੂੰ ਪ੍ਰਫੁੱਲਤ ਕਰਨ, ਨਹਿਰੀ ਆਧਾਰਿਤ ਸਿੰਚਾਈ ਦੀ ਸਹੂਲਤ ਦੇਣ ਤੋਂ ਇਲਾਵਾ ਗੰਨੇ ਦੇ ਭਾਅ ਵਿੱਚ ਵਾਧੇ ਲਈ ਲਏ ਗਏ ਫੈਸਲਿਆਂ ਦੀ ਕਿਸਾਨ ਵਰਗ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

ਪੰਜਾਬ ਅਪਾਰਟਮੈਂਟਸ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 ਦੀ ਧਾਰਾ 20 ਵਿੱਚ ‘ਕੋਈ ਇਤਰਾਜ਼ ਨਹੀਂ ਸਰਟੀਫਿਕੇਟ’ ਦੀ ਸ਼ਰਤ ਨੂੰ ਮੁਆਫ ਕਰਨ ਦਾ ਰਾਹ ਪੱਧਰਾ ਕਰਨ ਲਈ ਕੀਤੀ ਗਈ ਸੋਧ ਨੂੰ ਕਾਨੂੰਨੀ ਮਾਲਕੀ ਦੇ ਦਸਤਾਵੇਜ਼ ਹਾਸਲ ਕਰਨ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦੇ ਹੱਲ ਵੱਲ ਇੱਕ ਇਤਿਹਾਸਕ ਕਦਮ ਕਰਾਰ ਦਿੰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਾਂ ਦੀ ਇਸ ਮੁਸ਼ਕਿਲ ਪਿੱਛੇ ਕੁਝ ਲੋਕਾਂ ਦੀ ਮਿਲੀਭੁਗਤ ਸੀ, ਜਿਨ੍ਹਾਂ ਨੇ ਇਨ੍ਹਾਂ ਭੋਲੇ-ਭਾਲੇ ਲੋਕਾਂ ਨੂੰ ਗੈਰ-ਕਾਨੂੰਨੀ ਅਤੇ ਅਣਅਧਿਕਾਰਤ ਕਾਲੋਨੀਆਂ 'ਚ ਪਲਾਟ ਦੇਣ ਦੇ ਨਾਂ 'ਤੇ ਲੁਭਾਇਆ। ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਗਟਾਈ ਵਚਨਬੱਧਤਾ ਅਨੁਸਾਰ ਰਾਜ ਸਰਕਾਰ ਨੇ ਇਨ੍ਹਾਂ ਭੋਲੇ-ਭਾਲੇ ਲੋਕਾਂ ਨੂੰ ਅਣ-ਅਧਿਕਾਰਤ ਅਤੇ ਗ਼ੈਰ-ਕਾਨੂੰਨੀ ਕਲੋਨੀਆਂ ਵਿੱਚ ਪਲਾਟਾਂ ਦੇ ਮਾਲਕ ਬਣਾਉਣ ਲਈ ਪਾਪਰਾ ਐਕਟ 1995 ਦੀ ਧਾਰਾ ਵਿੱਚ ਸੋਧ ਕਰਨ ਲਈ ਇੱਕ ਬਿੱਲ ਪਾਸ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੋਧ ਅਨੁਸਾਰ ਗੈਰ-ਕਾਨੂੰਨੀ ਕਲੋਨੀਆਂ ਵਿੱਚ ਲੋਕਾਂ ਵੱਲੋਂ ਹਾਸਲ ਕੀਤੀ 500 ਗਜ਼ ਤੱਕ ਦੀ ਜਾਇਦਾਦ ਬਿਨਾਂ ਕਿਸੇ ਐਨ.ਓ.ਸੀ ਦੀ ਮੰਗ ਕੀਤੇ, ਉਨ੍ਹਾਂ ਦੇ ਨਾਮ ਰਜਿਸਟਰਡ ਕਰ ਦਿੱਤੀ ਜਾਵੇਗੀ, ਬਸ਼ਰਤੇ ਵਿਕਰੀ/ ਬਿਆਨੇ/ਪਾਵਰ ਆਫ਼ ਅਟਾਰਨੀ ਦੇ ਦਸਤਾਵੇਜ਼ 30 ਜੁਲਾਈ, 2024 ਤੋਂ ਪਹਿਲਾਂ ਦੇ ਹੋਣ। ਉਨ੍ਹਾਂ ਕਿਹਾ ਕਿ ਦਸਤਾਵੇਜ਼ਾਂ ਦੀ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 02 ਨਵੰਬਰ ਹੈ।

ਇਸੇ ਤਰ੍ਹਾਂ ਭਵਿੱਖ ਵਿੱਚ ਗੈਰ-ਕਾਨੂੰਨੀ ਕਲੋਨੀਆਂ ਦੇ ਮਾਫ਼ੀਆ ਨੂੰ ਨੱਥ ਪਾਉਣ ਲਈ ਗੈਰ-ਕਾਨੂੰਨੀ ਕਲੋਨੀਆਂ ਬਣਾਉਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਣ ਲਈ 5 ਤੋਂ 10 ਸਾਲ ਤੱਕ ਦੀ ਸਜ਼ਾ ਅਤੇ 25 ਲੱਖ ਤੋਂ 5 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲਏ ਗਏ ਇਸ ਫੈਸਲੇ ਨਾਲ ਲੱਖਾਂ ਲੋਕ ਖੁਸ਼ ਹੋਏ ਹਨ, ਜੋ ਇਨ੍ਹਾਂ ਗੈਰ-ਕਾਨੂੰਨੀ ਡਿਵੈਲਪਰਾਂ ਅਤੇ ਭੂ-ਮਾਫੀਆ ਹੱਥੋਂ ਠੱਗੇ ਹੋਏ ਮਹਿਸੂਸ ਕਰ ਰਹੇ ਹਨ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ: ਗੁਰਮੇਲ ਸਿੰਘ ਅਤੇ ਖੇਤੀਬਾੜੀ ਅਫ਼ਸਰ ਗੁਰਦਿਆਲ ਕੁਮਾਰ ਵੀ ਹਾਜ਼ਰ ਸਨ।






# ਖੇਡਾਂ ਵਤਨ ਪੰਜਾਬ ਦੀਆਂ 2024 ਦੇ ਬਾਘਾਪੁਰਾਣਾ ਬਲਾਕ ਪੱਧਰੀ ਮੁਕਾਬਲਿਆਂ ਦੀ ਸ਼ੁਰੂਆਤ, ਕਰੀਬ 1600 ਖਿਡਾਰੀਆਂ ਨੇ ਲਿਆ ਭਾਗ

## ਬਲਾਕ ਬਾਘਾਪੁਰਾਣਾ ਦੇ ਫਾਈਨਲ ਮੁਕਾਬਲੇ 6 ਨੂੰ, ਖਿਡਾਰੀ ਲੈ ਰਹੇ ਉਤਸ਼ਾਹ ਨਾਲ ਹਿੱਸਾ-ਜ਼ਿਲ੍ਹਾ ਖੇਡ ਅਫਸਰ

ਬਾਘਾਪੁਰਾਣਾ 5 ਸਤੰਬਰ (ਗਿਆਨ ਸਿੰਘ): ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ-2024 ਤਹਿਤ ਖੇਡ ਮੁਕਾਬਲੇ ਪੁਖਤਾ ਪ੍ਰਬੰਧਾਂ ਹੇਠ ਚੱਲ ਰਹੇ ਹਨ। ਜ਼ਿਲ੍ਹਾ ਮੋਗਾ ਵਿੱਚ ਬਲਾਕ ਪੱਧਰੀ ਖੇਡਾਂ 2 ਸਤੰਬਰ ਤੋਂ ਸ਼ੁਰੂ ਹੋ ਗਈਆਂ ਹਨ ਅਤੇ ਇਹ 11 ਸਤੰਬਰ ਤੱਕ ਚੱਲਣਗੀਆਂ। ਇਹਨਾਂ ਖੇਡਾਂ ਵਿੱਚ ਵਿੱਚ ਫੁੱਟਬਾਲ, ਕਬੱਡੀ, ਖੋ-ਖੋ, ਐਥਲੈਟਿਕਸ, ਵਾਲੀਬਾਲ ਸਮੈਸ਼ਿੰਗ ਤੇ ਸ਼ੂਟਿੰਗ ਸ਼ਾਮਿਲ ਹਨ।





ਅੱਜ ਬਾਘਾਪੁਰਾਣਾ ਬਲਾਕ ਦੇ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਜ਼ਿਲ੍ਹਾ ਖੇਡ ਅਫਸਰ ਮੋਗਾ ਸ਼੍ਰੀ ਸ਼ਾਸਵੰਤ ਰਾਜਦਾਨ ਤਹਿਸੀਲਦਾਰ ਬਾਘਾਪੁਰਾਣਾ ਭੀਮ ਸੈਨ ਨੇ ਕਰਵਾਈ। ਇਸ ਮੌਕੇ ਉਹਨਾਂ ਨਾਲ ਵਿਧਾਇਕ ਬਾਘਾਪੁਰਾਣਾ ਸ਼੍ਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਸ਼੍ਰ ਨਿਸ਼ਾਨ ਸਿੰਘ, ਹੋਰ ਉਘੀਆਂ ਸ਼ਖਸ਼ੀਅਤਾਂ ਆਦਿ ਹਾਜਰ ਸਨ। ਅੱਜ ਦੇ ਮੁਕਾਬਲਿਆਂ ਵਿੱਚ ਲਗਭਗ 1600 ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਮੋਗਾ ਸ਼੍ਰੀ ਸ਼ਾਸਵਤ ਰਾਜਦਾਨ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਨੌਜਵਾਨ ਬੜੇ ਹੀ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ। ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਖਿਡਾਰੀਆਂ ਲਈ ਖਾਣ ਪੀਣ ਅਤੇ ਹੋਰ ਸਾਰੇ ਪ੍ਰਬੰਧ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤੇ ਗਏ ਹਨ।

ਜ਼ਿਲ੍ਹਾ ਖੇਡ ਅਫਸਰ ਮੋਗਾ ਸ਼੍ਰੀ ਸ਼ਾਸਵੰਤ ਰਾਜਦਾਨ ਨੇ ਅੱਜ ਦੇ ਮੁਕਾਬਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਫੁੱਟਬਾਲ ਅੰਡਰ 14 (ਲੜਕਿਆਂ) ਦੇ ਮੁਕਾਬਲਿਆਂ ਵਿੱਚ ਸਮਾਲਸਰ, ਵੈਰੋਕੇ, ਸਮਾਧ ਭਾਈ, ਕੋਟਲਾ ਰਾਏਕਾ ਟੀਮਾਂ, ਖੋ-ਖੋ ਅੰਡਰ 14 (ਲੜਕੀਆਂ) ਦੇ ਮੁਕਾਬਲਿਆਂ ਵਿੱਚ ਸਮਾਧ ਭਾਈ ਤੇ ਸਮਾਲਸਰ ਦੀਆਂ ਟੀਮਾਂ ਨੇ ਸੈਮੀਫੀਨਲ ਵਿੱਚ ਪ੍ਰਵੇਸ਼ ਕੀਤਾ। ਖੋ-ਖੋ ਅੰਡਰ 17 ਲੜਕਿਆਂ ਦੇ ਮੁਕਾਬਲਿਆਂ ਵਿੱਚ ਥਰਾਜ, ਸਮਾਲਸਰ, ਆਲਮਵਾਲਾ ਦੀਆਂ ਟੀਮਾਂ ਫਾਈਨਲ ਵਿੱਚ ਪਹੁੰਚ ਗਈਆਂ।

ਕਬੱਡੀ ਸਰਕਲ ਅੰਡਰ-14 (ਲੜਕਿਆਂ) ਦੇ ਮੁਕਾਬਲਿਆਂ ਵਿੱਚ ਸਮਾਧ ਭਾਈ ਤੇ ਰੋਡੇ, ਕਬੱਡੀ ਸਰਕਲ ਅੰਡਰ-17 (ਲੜਕਿਆਂ) ਦੇ ਮੁਕਾਬਲਿਆਂ ਵਿੱਚ ਵੈਰੋਕੇ ਤੇ ਰੋਡੇ ਦੀਆਂ ਟੀਮਾਂ ਫਾਈਨਲ ਵਿੱਚ ਪ੍ਰਵੇਸ਼ ਕਰ ਚੁੱਕੀਆਂ ਹਨ। ਅੰਡਰ 14 (ਲੜਕੀਆਂ) ਦੇ ਮੁਕਾਬਲਿਆਂ ਵਿੱਚ ਸਮਾਧ ਭਾਈ ਤੇ ਸਮਾਲਸਰ ਦੀਆਂ ਟੀਮਾਂ ਫਾਈਨਲ ਵਿੱਚ ਪੁੱਜੀਆਂ ਹਨ।

# ਜ਼ਿਲ੍ਹੇ ਦੇ 29 ਸਰਬੋਤਮ ਅਧਿਆਪਕਾਂ ਨੂੰ ਕੀਤਾ ਜਾਏਗਾ ਸਨਮਾਨਿਤ

ਫ਼ਿਰੋਜ਼ਪੁਰ, 5 ਸਤੰਬਰ (ਗਿਆਨ ਸਿੰਘ): ਭਾਰਤ ਵਿੱਚ ਰਾਸ਼ਟਰੀ ਅਧਿਆਪਕ ਦਿਵਸ ਹਰ ਸਾਲ 5 ਸਤੰਬਰ ਨੂੰ ਮਨਾਇਆ ਜਾਂਦਾ ਹੈ। ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਜੀਵਨ ਵਿੱਚ ਇਹ ਬਹੁਤ ਮਹੱਤਵਪੂਰਨ ਅਤੇ ਵਿਸ਼ੇਸ਼ ਦਿਨ ਹੁੰਦਾ ਹੈ। ਇਸ ਦਿਨ ਨੂੰ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜਨਮ ਦਿਨ ਵਜੋਂ ਮਨਾਇਆ ਜਾਂਦਾ ਹੈ ਜੋ ਭਾਰਤ ਦੇ ਪਹਿਲੇ ਉਪ ਰਾਸ਼ਟਰਪਤੀ ਅਤੇ ਦੂਜੇ ਰਾਸ਼ਟਰਪਤੀ ਸਨ। ਇਸ ਦਿਨ ਨੂੰ ਮੁੱਖ ਰੱਖਦੇ ਹੋਏ ਜ਼ਲ੍ਹਿਾ ਸਿੱਖਿਆ ਅਫ਼ਸਰ ਮੁਨੀਲਾ ਅਰੋੜਾ ਅਤੇ ਉਪ ਜ਼ਲ੍ਹਿਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ (ਨੈਸ਼ਨਲ ਐਵਾਰਡੀ) ਦੀ ਅਗਵਾਈ ਵਿੱਚ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਵੱਲੋਂ ਜ਼ਿਲ੍ਹੇ ਦੇ 29 ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ 06 ਸਤੰਬਰ ਨੂੰ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਦੇ ਨੋਡਲ ਇੰਚਾਰਜ ਸਟੇਟ ਐਵਾਰਡੀ ਉਮੇਸ਼ ਕੁਮਾਰ ਹੈੱਡ ਮਾਸਟਰ ਨੇ ਦੱਸਿਆ ਕਿ ਹਰੇਕ ਬਲਾਕ ਵਿੱਚੋਂ ਬੀ.ਐਨ.ਓ. ਵਲੋਂ ਦੋ-ਦੋ ਸਰਬੋ-ਤਮ ਅਧਿਆਪਕਾਂ ਦੇ ਨਾਮ ਲਏ ਗਏ ਸਨ, ਜਿਨ੍ਹਾਂ ਨੇ ਅਧਿਆਪਨ ਕੀਤੇ ਵਿੱਚ ਬੁਲੰਦੀਆਂ ਹਾਸਲ ਕੀਤੀਆਂ ਹਨ। ਬੱਚਿਆਂ ਦੇ ਸੁਨਿਹਰੀ ਭਵਿੱਖ ਲਈ ਉਨ੍ਹਾਂ ਨੇ ਬਹੁਤ ਮਿਹਨਤ ਕੀਤੀ ਹੈ ਅਤੇ ਵੱਖ-ਵੱਖ ਉਪਲਬੱਧੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਦੋ ਪ੍ਰਿੰਸੀਪਲ ਅਤੇ ਦੋ ਹੈੱਡ ਮਾਸਟਰ ਦੇ ਵਿਸ਼ੇਸ਼ ਕਾਰਜਾਂ ਲਈ ਵੀ ਉਨ੍ਹਾਂ ਨੂੰ ਜ਼ਲ੍ਹਿਾ ਪ੍ਰਸ਼ਾਸਨ ਵੱਲੋਂ ਸਨਮਾਨਿਤ ਕੀਤਾ ਜਾਣਾ ਹੈ।




# ਪੰਜਾਬ ਯੂਨੀਵਰਸਿਟੀ ਰਿਜਨਲ ਸੈਂਟਰ, ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਅਧਿਆਪਕ ਦਿਵਸ ਮਨਾਇਆ




ਸ੍ਰੀ ਮੁਕਤਸਰ ਸਾਹਿਬ, 5 ਸਤੰਬਰ (ਪੋਸਟ ਬਿਊਰੋ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹਦਾਇਤਾਂ ਅਨੁਸ-ਾਰ ਰਾਜ ਕੁਮਾਰ, ਜਿਲਾ ਅਤੇ ਸ਼ੈਸਨਜ਼ ਜੱਜ -ਸਹਿਤ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ ਅੱਜ ਪੰਜਾਬ ਯੂਨੀਵਰਸਿਟੀ ਰਿਜਨਲ ਸੈਂਟਰ, ਸ੍ਰੀ ਮੁਕਤਸਰ ਸਾਹਿਬ ਵਿਖੇ ਅਧਿਆਪਕ ਦਿਵਸ ਮਨਾਉਣ ਸਬੰਧੀ ਇਕ ਪ੍ਰੋਗਰਾਮ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਡਾ. ਗਗਨਦੀਪ ਕੌਰ, ਸੀ.ਜੀ.ਐੱਮ/ਸਕੱਤਰ ਵਲੋਂ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਅਤੇ ਸ਼ੈਸਨਜ਼ ਜੱਜ ਵਲੋ ਲਾਅ ਕਾਲਜ ਦੇ ਟੀਚਰਜ਼ ਅਤੇ ਵੱਖ-ਵੱਖ ਵਿਸ਼ਿਆ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਨਵੇਂ ਕਾਨੂੰਨਾਂ ਬਾਰੇ, ਨਸ਼ਿਆਂ ਸਬੰਧੀ, ਲੋਕ ਅਦਾਲਤਾਂ ਸਬੰਧੀ, ਸਥਾਈ ਲੋਕ ਅਦਾਲਤਾਂ ਸਬੰਧੀ, ਅਪਰਾਧ ਪੀੜਿਤਾਂ ਸਕੀਮ ਸਬੰਧੀ ਅਤੇ ਮੀਡੀਏਸ਼ਨ ਸਬੰਧੀ ਅਤੇ ਹੋਰ ਵਿਸ਼ਿਆ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਇਸ ਤੋਂ ਇਲਾਵਾ ਟੀਚਰ ਦੀ ਮਹੱਤਤਾ ਸਬੰਧੀ ਦੇਸ਼ ਦੇ ਪਹਿਲੇ ਰਾਸ਼ਟਰੀ ਡਾ. ਰਾਧਾ ਕ੍ਰਿਸ਼ਨ ਦੇ ਜਨਮਦਿਨ ਨੂੰ ਸਮਰਪਿਤ ਅਧਿਆਪਕ ਦਿਵਸ ਵਜੋਂ ਮਿਤੀ. 05 ਸਤੰਬਰ ਨੂੰ ਹਰੇਕ ਸਾਲ ਮਨਾਇਆ ਜਾਂਦਾ ਹੈ। ਉਹ 1948-49 ਦੌਰਾਨ ਯੂਨੇਕਸੋ ਦੇ ਐਗਜੀਕੇਟਿਵ ਅਤੇ 1962 ਅਤੇ 1967 ਰਾਸ਼ਟਰਪਤੀ ਰਹੇ ਸੰਸਾਰ ਦਾ ਪਹਿਲਾ ਅਧਿਆਪਕ ਸੁਕਰਾਤ ਸੀ ਜੋ ਵਿਦਆਰਥੀਆਂ ਨੂੰ ਸੱਚ ਪੜ੍ਹਾਉਂਦਾ ਸੀ। ਸਰਕਾਰੀ ਅਧਿਕਾਰੀਆਂ ਨੇ ਬਥੇਰਾ ਕਿਹਾ ਕਿ ਇਹਨਾਂ ਸੱਚ ਨਾ ਬੋਲ ਪਰ ਉਹ ਸੱਚ ਤੇ ਪੈਰਾ ਦਿੰਦਾ ਹੋਇਆ ਜਹਿਰ ਦਾ ਪਿਆਲਾ ਪੀ ਕੇ ਅਮਰ ਹੋ ਗਿਆ ਸੀ। ਦੇਸ਼ ਦੀ ਪਹਿਲੀ ਔਰਤ ਅਧਿਆਪਕ ਸਵਿਤਰੀ ਬਾਈ ਫੂਲੇ ਸੀ ਜਿਸ ਨੇ ਨਿਰਸਵਾਰਥ, ਯਾਰ, ਸਮਾਜਿਕ ਪ੍ਰਤੀਬੱਧਤਾ, ਸਰਲਤਾ ਤੇ ਅਣੱਥਕ ਯਤਨਾ ਨਾਲ ਔਰਤਾ ਨੂੰ ਸਿਖਿਆ ਦਾ ਅਧਿਕਾਰ ਲੈ ਕੇ ਦਿੱਤਾ। ਅਮਰੀਕਾ ਦੀ ਹੈਲਨ -ਕੇਲਰ ਬੱਚੀ ਢੇਡ ਸਾਲ ਦੀ ਉਮਰ ਵਿਚ ਨੇਤਰਹੀਣ ਅਤੇ ਬੋਲੀ ਹੋ ਗਈ। ਉਸਦੇ ਅਧਿਆਪਕ ਐਨੀ ਸੁਲੀਵਾਨ ਨੇ ਮਿਹਨਤ ਨਾਲ ਪੜ੍ਹਾ ਕੇ ਉਸਨੂੰ ਕਈ ਕਿਤਾਬਾਂ ਦਾ ਲੇਖਰ ਬਣਾ ਦਿੱਤਾ। ਆਜੋਕਾ ਅਧਿਆਪਕ ਹੋਣ ਪਹਿਲਾ ਵਾਲਾ ਗੁਰੂ ਨਹੀਂ ਰਿਹਾ। ਅਧਿਆਪਕ ਦਾ ਕੁਝ ਹਿੱਸੇ ਨੇ ਮੁਨਾਫੇਖੋਰੀ, ਵਪਾਰੀ ਅਤੇ ਸੋਦੇ-ਬਾਜੀ ਦੇ ਚੱਕਰ ਵਿਚ ਪੈ ਕੇ ਕਿੱਤੇ ਦੀ ਕਦਰ ਘੱਟਾ ਦਿੱਤੀ ਹੈ, ਉਹ ਪੜ੍ਹਾਂਦੇ ਨਹੀਂ ਕਈ ਅਧਿਆਪਕ ਵਿਦਿਆਰਥੀਆਂ ਨੂੰ ਔਲਾਦ ਸਮਝ ਕੇ ਪੜ੍ਹਾਂਦੇ ਹਨ। ਗਰੀਬ ਬੱਚਿਆਂ ਨੂੰ ਕਿਤਾਬਾਂ, ਕਪੜੇ ਲੈ ਕੇ ਦਿੰਦੇ ਹਨ ਅਤੇ ਫੀਸਾਂ ਕੋਲੋ ਪੜ੍ਹਦੇ ਹਨ। ਹਰ ਵਿਅਕਤੀ ਦੀ ਕਾਮਯਾਬੀ ਪਿੱਛੇ ਉਸਦੇ ਚੰਗੇ ਅਧਿਆਪਕ ਵਲੋ ਮਿਲੀ ਮਾਰਗ ਦਰਸ਼ ਦਾ ਸਭ ਤੋ ਵੱਡਾ ਯੋਗਦਾਨ ਹੁੰਦਾ ਹੈ। ਵਿਦਿਆਰਥੀਆਂ ਲਈ ਮਦਦਕਾਰ ਦੋਸਤ ਤੇ ਚੰਗੇ ਸਲਾਹਕਾਰ ਦੀ ਭੂਮਿਕਾ ਨਿਭਾਉਂਦਾ ਹੈ। ਮਾਂ-ਪਿਓ ਤੋਂ ਬਾਅਦ ਬੱਚੇ ਦੇ ਮਨ ਤੇ ਜਿਆਦਾ ਅਧਿਆਪਕ ਦਾ ਪੈਂਦਾ ਹੈ। ਅਧਿਆਪਕਾਂ ਨੂੰ ਵਿਸ਼ੇਸ਼ ਸਤਿਕਾਰ ਦੇਣ ਲਈ ਹਰ ਸਾਲ 5 ਸਤੰਬਰ ਨੂੰ ਸਿਖਿਆ ਖੇਤਰ ਵਿਚ ਵਧੀਆਂ ਸੇਵਾਵਾਂ ਦੇਣ ਦੇ ਬਦਲੇ ਅਵਾਰਡਾਂ ਨਾਲ ਸਨਮਾਨ ਕੀਤਾ ਜਾਂਦਾ ਹੈ। ਅਧਿਆਪਕਾਂ ਤੋਂ ਜਿਆਦਾ ਗੈਰ-ਵਿਦਿਕ ਕੰਮ ਲਏ ਜਾਂਦੇ ਹਨ, ਇਹਨਾਂ ਨੂੰ ਡਾਕ ਤੇ ਰਿਪੋਰਟਾਂ ਵਿਚ ਉਲਝਾਇਆ ਜਾਂਦਾ ਹੈ। ਇਸ ਨਾਲ ਜਿਥੇ ਬੱਚਿਆ ਦੀ ਪੜ੍ਹਾਈ ਤੇ ਪ੍ਰਭਾਵ ਪੈਂਦਾ ਉਥੇ ਅਧਿਆਪਕ ਸਕੂਲਾਂ ਦੀ ਸਫਾਈ, ਬੱਚਿਆਂ, ਇਮਾਰਤਾਂ, ਪੈਰੰਟਸ ਮੀਟਿੰਗਾਂ ਤੇ ਹੋਰ ਕੰਮਾਂ ਵਲ ਪੂਰਾ ਧਿਆਨ ਨਹੀਂ ਦੇ ਸਕਦੇ। ਅਧਿਆਪਕਾਂ ਦਾ ਵੀ ਫਰਜ ਬਣਦਾ ਹੈ ਕਿ ਉਹ ਬੱਚਿਆ ਨੂੰ ਜੀਵਨ ਜਾਂਚ ਸਿਖਾਵੇ ਉਹਨਾਂ ਅੰਦਰ ਨੈਤਿਕ ਕਦਰ ਕੀਮਤਾਂ ਭਰੇ ਤੇ ਉਹਨਾਂ ਨੂੰ ਮਾਨਸਿਕ ਵਿਕਾਸ ਤੌਰ ਤੇ ਏਨ੍ਹਾਂ ਮਜਬੂਤ ਕਰੇ ਕਿ ਉਹ ਹਾਰ ਨੂੰ ਹੱਸ ਕੇ ਗਲੇ ਲਗਾ ਲੈਣ। ਉਹਨਾਂ ਨੂੰ ਸਿਰਫ ਸਲੈਬਸ, ਅਖਰੀ ਗਿਆਨ ਤੇ ਆਪਣੇ ਵਿਸ਼ੇ ਦਾ ਗਿਆਨ ਦੇਣਾ ਹੀ ਕਾਫੀ ਨਹੀਂ ਸਗੋ ਨੈਤਿਕ, ਇਤਿਹਾਸਕ, ਆਰਥਿਕ, ਸਮਾਜਿਕ ਤੇ ਰਾਜਨੀਤਿਕ ਹਲਾਤਾਂ ਤੋ ਜਾਣੂ ਕਰਾਉਂਣਾ ਚਾਹੀਦਾ ਹੈ। ਇਹ ਤਾਂ ਹੀ ਸੰਭਵ ਹੈ ਕਿ ਉਹ ਵੀ ਵਰਤਨਾਮ ਹਲਾਤਾਂ ਤੋ ਜਾਣੂ ਹੋਣ, ਚੰਗੇ ਤੇ ਉਸਾਰੂ ਸਿਹਤ ਤੇ ਇਲੈਕਟ੍ਰੋਨਿਕ ਤੇ ਪ੍ਰਿੰਟ ਮੀਡੀਏ ਦੇ ਸੰਪਰਕ ਵਿਚ ਰਹਿਣ ਅਤੇ ਅਧਿਆਪਕ ਰਾਸ਼ਟਰ ਦੇ ਨਿਰਮਾਤਾ ਹੁੰਦੇ ਹਨ। ਅਧਿਆਪਕ ਉਦੋ ਤੱਕ ਚੰਗੀ ਸਿਖਿਆ ਨਹੀ ਦੇ ਸਕਦਾ, ਜਦੋ ਤੱਕ ਉਹ ਆਪ ਸਿਖਿਆ ਪ੍ਰਾਪਤ ਨਾ ਕਰ ਰਿਹਾ ਹੋਵੇ। ਇਕ ਦੀਵਾਂ ਉਦੋ ਤੱਕ ਦੂਜੇ ਦੀਵੇ ਨੂੰ ਨਹੀਂ ਜਗਾ ਸਕਦਾ ਜਦੋ ਤੱਕ ਉਹ ਆਪ ਨਾ ਜਗਦਾ ਹੋਵੇ। ਇਸ ਪ੍ਰੋਗਰਾਮ ਵਿਚ ਰਿਜਨਲ ਸੈਂਟਰ ਦੇ ਡਾਇਰੈਕਟਰ ਪ੍ਰੋਫੈਸਰ ਮੁਨੀਸ਼ ਜਿੰਦਲ, ਪ੍ਰੋਫੈਸਰ ਬਲ-ਜੰਦਰ ਕੌਰ, ਡਾ. ਗੁਰਪ੍ਰੀਤ ਕੌਰ ਅਤੇ ਸਟਾਫ ਵੀ ਹਾਜਰ ਸੀ।

ਇਸ ਮੌਕੇ ਮਿਤੀ. 14.09.2024 ਨੂੰ ਲਗ ਰਹੀ ਨੈਸ਼ਨਲ ਲੋਕ ਅਦਾਲਤ ਸਬੰਧੀ ਵੀ ਜਾਣਕਾਰੀ ਦਿੱਤੀ ਗਈ ਅਤੇ ਹੋਰ ਵਧੇਰੇ ਜਾਣਕਾਰੀ ਲੈਣ ਲਈ 15100 ਤੇ ਵੀ ਕਾਲ ਕੀਤੀ ਜਾ ਸਕਦੀ ਹੈ।



## ਰਜਿਸਟਰੀ ਲਈ ਐੱਨ.ਓ.ਸੀ ਦੀ ਸ਼ਰਤ ਖਤਮ ਕਰਨਾ ਇਕ ਮਿਸਾਲੀ ਕਦਮ: ਜਿੰਪਾ

ਚੰਡੀਗੜ੍ਹ, 5 ਸਤੰਬਰ (ਪੋਸਟ ਬਿਊਰੋ): ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਰਜਿਸਟਰੀ ਲਈ ਐਨ.ਓ.ਸੀ ਦੀ ਸ਼ਰਤ ਖਤਮ ਕਰਨ ਨੂੰ ਇਕ ਮਿਸਾਲੀ ਕਦਮ ਦੱਸਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਦੇ ਬਹੁਤ ਸਾਰੇ ਲੋਕ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ ਲਈ ਖੱਜਲ ਖੁਆਰ ਹੋ ਰਹੇ ਸਨ ਅਤੇ ਲੋਕਾਂ ਦੀ ਇਸ ਮੁਸ਼ਕਿਲ ਦਾ ਹੱਲ ਕਰਦਿਆਂ ਬੀਤੇ ਦਿਨੀਂ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਨੂੰ ਪਾਸ ਕਰ ਦਿੱਤਾ ਗਿਆ ਹੈ ਜਿਸ ਤਹਿਤ ਪਲਾਟ ਦੀ ਰਜਿਸਟਰੀ ਲਈ ਕੋਈ ਇਤਰਾਜ਼ ਨਹੀਂ ਸਰਟੀਫਿਕੇਟ (ਐਨ.ਓ.ਸੀ.) ਦੀ ਸ਼ਰਤ ਨੂੰ ਖਤਮ ਕਰ ਦਿੱਤਾ ਗਿਆ ਹੈ।

ਜਿੰਪਾ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਬਣੀ ਹੈ ਉਦੋਂ ਤੋਂ ਹੀ ਪਹਿਲ ਦੇ ਆਧਾਰ ਉੱਤੇ ਲੋਕ ਪੱਖੀ ਫੈਸਲੇ ਲਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਐਨ.ਓ.ਸੀ. ਦੀ ਸ਼ਰਤ ਖਤਮ ਹੋ ਜਾਣ ਨਾਲ ਛੋਟੇ ਪਲਾਟ ਮਾਲਕਾਂ ਨੂੰ ਵੱਡੀ ਰਾਹਤ ਮਿਲੀ ਹੈ। ਹੁਣ ਲੋਕਾਂ ਨੂੰ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ ਵਿੱਚ ਦਰਪੇਸ਼ ਸਮੱਸਿਆ ਖਤਮ ਹੋ ਜਾਵੇਗੀ ਅਤੇ ਅਣ-ਅਧਿਕਾਰਤ ਕਲੋਨੀਆਂ ਉਤੇ ਰੋਕ ਲੱਗੇਗੀ। ਇਸ ਨਾਲ ਸਰਕਾਰੀ ਖਜ਼ਾਨੇ ਦੀ ਆਮਦਨ ਵਿੱਚ ਵੀ ਵਾਧਾ ਹੋਵੇਗਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਲਏ ਇਸ ਇਤਿਹਾਸਕ ਫੈਸਲੇ ਦਾ ਮਨੋਰਥ ਆਮ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ। ਜਿੰਪਾ ਨੇ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਨੂੰ ਸਰਬਸੰਮਤੀ ਨਾਲ ਪਾਸ ਕਰਨ ਲਈ ਸਾਰੇ ਵਿਧਾਇਕਾਂ ਖਾਸ ਤੌਰ ਉੱਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸ਼ੁਕਰੀਆ ਅਦਾ ਕੀਤਾ ਹੈ।

ਜ਼ਿਕਰਯੋਗ ਹੈ ਕਿ ਨਵੀਂ ਸੋਧ ਮੁਤਾ-ਬਕ ਕੋਈ ਵੀ ਵਿਅਕਤੀ ਜਿਸ ਨੇ 31 ਜੁਲਾਈ, 2024 ਤੱਕ ਅਣ-ਅਧਿਕਾਰਤ ਕਲੋਨੀ ਵਿੱਚ 500 ਵਰਗ ਗਜ਼ ਤੱਕ ਦੇ ਪਲਾਟ ਲਈ, ਇੱਕ ਪਾਵਰ ਆਫ਼ ਅਟਾਰਨੀ, ਸਟੈਂਪ ਪੇਪਰ 'ਤੇ ਵੇਚਣ ਲਈ ਇਕਰਾਰਨਾਮਾ ਜਾਂ ਕੋਈ ਹੋਰ ਅਜਿਹਾ ਦਸਤਾਵੇਜ਼ ਜਿਸ ਨੂੰ ਸਰਕਾਰ ਨੋਟੀਫਿਕੇਸ਼ਨ ਦੁਆਰਾ ਨਿਰਧਾਰਤ ਕਰ ਸਕਦੀ ਹੈ, ਰਾਹੀਂ ਇਕਰਾਰਨਾਮਾ ਕੀਤਾ ਹੈ, ਉਸ ਰਕਬੇ ਲਈ ਐਨ.ਓ.ਸੀ. ਦੀ ਲੋੜ ਨਹੀਂ ਹੋਵੇਗੀ। ਇਸ ਜਾਇਦਾਦ ਦਾ ਮਾਲਕ ਆਪਣੇ ਪਲਾਟ ਦੀ ਰਜਿਸਟਰੀ ਸਬੰਧਤ ਰਜਿਸਟਰਾਰ ਜਾਂ ਸਬ-ਰਜਿਸਟਰਾਰ ਜਾਂ ਸੰਯੁਕਤ ਸਬ-ਰਜਿਟਰਾਰ ਕੋਲ ਕਰਵਾ ਸਕਦਾ ਹੈ ਅਤੇ ਅਜਿਹੇ ਰਕਬੇ ਨੂੰ ਰਜਿਸਟਰ ਕਰਵਾਉਣ ਸਬੰਧੀ ਇਹ ਛੋਟ ਸਰਕਾਰ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਰਾਹੀਂ ਨੋਟੀਫਾਈ ਕੀਤੀ ਗਈ ਮਿਤੀ ਤੱਕ ਲਾਗੂ ਹੋਵੇਗੀ।

ਇਸ ਰਜਿਸਟ੍ਰੇਸ਼ਨ ਲਈ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਦੀ ਸਬੰਧਤ ਵਿਕਾਸ ਅਥਾਰਟੀ ਜਾਂ ਸਥਾਨਕ ਸਰਕਾਰ ਵਿਭਾਗ ਦੀ ਸਬੰਧਤ ਸਥਾਨਕ ਸ਼ਹਿਰੀ ਸੰਸਥਾ ਤੋਂ ਐਨ.ਓ.ਸੀ. ਪ੍ਰਾਪਤ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ।

ਮਾਲ ਮੰਤਰੀ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਮਾਲ ਵਿਭਾਗ ਨਾਲ ਸਬੰਧਤ ਕਿਸੇ ਵੀ ਕੰਮ ਨੂੰ ਕਰਾਉਣ ਲਈ ਕਿਸੇ ਵੀ ਅਫਸਰ ਜਾਂ ਮੁਲਾਜ਼ਮ ਨੂੰ ਰਿਸ਼ਵਤ ਨਾ ਦਿੱਤੀ ਜਾਵੇ ਅਤੇ ਜੇਕਰ ਕੋਈ ਰਿਸ਼ਵਤ ਮੰਗਦਾ ਹੈ ਤਾਂ ਇਸ ਦੀ ਰਿਪੋਰਟ ਤੁਰੰਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭ੍ਰਿਸ਼ਟ ਅਫਸਰਾਂ ਤੇ ਮੁਲਾਜ਼ਮਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆਂ ਨਹੀਂ ਜਾਵੇਗਾ।

ਜਿੰਪਾ ਨੇ ਕਿਹਾ ਕਿ ਮਾਲ ਵਿਭਾਗ ਦੇ ਕੰਮਾਂ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ 8184900002 ਨੰਬਰ ਜਾਰੀ ਕੀਤਾ ਗਿਆ ਹੈ। ਐਨਆਰਆਈਜ਼ ਮਾਲ ਵਿਭਾਗ ਸਬੰਧੀ ਆਪਣੀਆਂ ਸ਼ਿਕਾਇਤਾਂ 9464100168 ਨੰਬਰ 'ਤੇ ਦਰਜ ਕਰਵਾ ਸਕਦੇ ਹਨ। ਇਹ ਨੰਬਰ ਸਿਰਫ ਲਿਖਤੀ ਸ਼ਿਕਾਇਤ ਲਈ ਹਨ।

## ਪੀ ਏ ਯੂ- ਕ੍ਰਿਸ਼ੀ ਵਿਗਿਆਨ ਕੇਂਦਰ, ਬੁੱਧ ਸਿੰਘ ਵਾਲਾ ਵਿਖੇ ਇੱਕ ਰੋਜ਼ਾ ਕੈਂਪ ਆਯੋਜਿਤ

### ਪਿਆਜ ਦੀ ਸਾਂਭ-ਸੰਭਾਲ, ਭੰਡਾਰਨ, ਪ੍ਰੋਸੈਸਿੰਗ ਸੰਬੰਧੀ ਦਿੱਤੀ ਸਿਖਲਾਈ



ਮੋਗਾ, 5 ਸਤੰਬਰ (ਗਿਆਨ ਸਿੰਘ): ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ, ਬੁੱਧ ਸਿੰਘ ਵਾਲਾ, ਮੋਗਾ ਵੱਲੋਂ ਨਾਬਾਰਡ ਵਿਭਾਗ ਦੀ ਵਿੱਤੀ ਮਦਦ ਨਾਲ ਪਿਆਜ ਅਤੇ ਲਸਣ ਦੀ ਕਾਸ਼ਤ ਅਤੇ ਪ੍ਰੋਸੈਸਿੰਗ ਸੰਬੰਧੀ ਚਲਾਏ ਜਾ ਰਹੇ ਪ੍ਰੋਜੈਕਟ ਅਧੀਨ ਪਿੰਡ ਸਾਫੂਵਾਲਾ ਵਿੱਖੇ ਪਿਆਜ ਦੀ ਸਾਂਭ-ਸੰਭਾਲ, ਭੰਡਾਰਨ ਅਤੇ ਪ੍ਰੋਸੈਸਿੰਗ ਸੰਬੰਧੀ ਇੱਕ ਰੋਜਾ ਸਿਖਲਾਈ ਕੈਂਪ ਆਯੋਜਿਤ ਕੀਤਾ ਗਿਆ।

ਇਸ ਕੈਂਪ ਵਿੱਚ ਨਾਬਾਰਡ ਏ.ਜੀ.ਐਮ ਮੈਡਮ ਸਵਿਤਾ ਸਿੰਘ ਅਤੇ ਲੀਡ ਜਿਲ੍ਹਾ ਮੈਨੇਜਰ ਚਿਰੰਨਜੀਵ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ) ਕੇ. ਵੀ. ਕੇ ਬੁੱਧ ਸਿੰਘ ਵਾਲਾ ਮੋਗਾ ਡਾ. ਅਮਨਦੀਪ ਸਿੰਘ ਬਰਾੜ, ਸਹਾਇਕ ਪ੍ਰੋਫੈਸਰ (ਪ੍ਰੋਸੈਸਿੰਗ ਅਤੇ ਫੂਡ ਇੰਜੀਨੀਅਰਿੰਗ) ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਸਬਜੀਆਂ) ਡਾ. ਪ੍ਰੇਰਨਾ ਠਾਕੁਰ, ਸਹਾਇਕ ਪ੍ਰੋਫੈਸਰ (ਫਸਲ) ਡਾ. ਮਨਪ੍ਰੀਤ ਜੈਦਕਾ ਸ਼ਾਮਿਲ ਹੋਏ।

ਡਾ. ਪ੍ਰੇਰਨਾ ਠਾਕੁਰ ਨੇ ਪਿਆਜ ਅਤੇ ਲਸਣ ਦੀ ਕਾਸ਼ਤ ਸੰਬੰਧੀ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕੀਤੀ। ਡਾ. ਰਮਨਦੀਪ ਕੌਰ ਨੇ ਆਪਣੇ ਲੈਕਚਰ ਦੌਰਾਨ ਪਿਆਜ ਦੀ ਪੁਟਾਈ ਪਿੱਛੋਂ ਸਾਂਭ-ਸੰਭਾਲ, ਭੰਡਾਰਨ ਅਤੇ ਪ੍ਰੋਸੈਸਿੰਗ ਦੀਆਂ ਤਕਨੀਕਾਂ ਬਾਰੇ ਦੱਸਿਆ ਕਿ ਕਿਵੇਂ ਇਹਨਾਂ ਤਕਨੀਕਾਂ ਨੂੰ ਅਪਣਾ ਕੇ ਅਤੇ ਮੰਡੀਕਰਨ ਨਾਲ ਜੁੜਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਡਾ. ਮਨਪ੍ਰੀਤ ਜੈਦਕਾ ਨੇ ਫਸਲਾਂ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਸ਼੍ਰੀਮਤੀ ਸਵੀਤਾ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸਰਕਾਰ ਵੱਲੋਂ ਪ੍ਰੋਸੈਸਿੰਗ ਖੇਤਰ ਵਿੱਚ ਇਜਾਫੇ ਲਈ ਚਲਾਈ ਜਾ ਰਹੀ ਐਗਰੀਕਲਚਰਲ ਇੰਨਫਰਾਸਟਰੱਕਚਰ ਸਕੀਮ ਬਾਰੇ ਜਾਣੂੰ ਕਰਵਾਇਆ ਅਤੇ ਇਸਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਵੀ ਕੀਤਾ।

ਚਿਰੰਨਜੀਵ ਸਿੰਘ ਨੇ ਬੈਂਕ ਦੁਆਰਾ ਦਿੱਤੀ ਜਾਂਦੀ ਸਹੂਲਤਾਂ ਬਾਬਤ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕੀਤੀ। ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ) ਡਾ. ਅਮਨਦੀਪ ਸਿੰਘ ਬਰਾੜ ਵੱਲੋਂ ਕਿਸਾਨਾਂ ਨਾਲ ਫਸਲਾਂ ਵਿੱਚ ਆਉਂਦੀਆਂ ਮੁਸ਼ਕਿਲਾਂ ਅਤੇ ਬੀਜ ਦੀ ਸਾਂਭ-ਸੰਭਾਲ ਦੇ ਨੁਕਤੇ ਸਾਂਝੇ ਕੀਤੇ। ਉਹਨਾਂ ਨੇ ਕਿਸਾਨਾਂ ਨੂੰ ਵੱਧ ਤੋਂ ਵੱਧ ਕ੍ਰਿਸ਼ੀ ਵਿਗਿਆਨ ਕੇਂਦਰ ਨਾਲ ਜੁੜਨ ਲਈ ਕਿਹਾ। ਇਸ ਕੈਂਪ ਦੌਰਾਨ ਕਿਸਾਨਾਂ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਵਿਕਸਤ ਪਿਆਜਾਂ ਦੇ ਭੰਡਾਰਨ ਲਈ ਯੂਨਿਟ ਵੀ ਦਿੱਤਾ ਗਿਆ ਅਤੇ ਇਸ ਸੰਬੰਧੀ ਪ੍ਰਦਰਸ਼ਨੀ ਵੀ ਲਗਾਈ ਗਈ ਜਿਸਦੀ ਵਿੱਤੀ ਸਹਾਇਤਾ ਨਾਬਾਰਡ ਵੱਲੋਂ ਕੀਤੀ ਗਈ ਹੈ। ਇਸ ਕੈਂਪ ਦੌਰਾਨ ਕਿਸਾਨਾਂ ਨੂੰ ਪੀ. ਓ. ਯੂ ਦੀਆਂ ਪ੍ਰਕਾਸ਼ਨਾਵਾਂ ਵੀ ਵੰਡੀਆਂ ਗਈਆਂ। ਇਸ ਵਿੱਚ ਕੁੱਲ 65 ਕਿਸਾਨਾਂ ਨੇ ਸ਼ਾਮਿਲ ਹੋ ਕੇ ਤਕਨੀਕੀ ਜਾਣਕਾਰੀ ਦਾ ਹਾਸਿਲ ਕੀਤੀ। ਕਿਸਾਨਾਂ ਵੱਲੋਂ ਇਸ ਕੈਂਪ ਦੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਰਵਾਇਤੀ ਕਣਕ-ਝੋਨੇ ਤੋਂ ਹਟਕੇ ਕੰਮ ਕਰਨ ਵਾਲੇ ਕਿਸਾਨਾਂ ਲਈ ਇਸ ਤਰ੍ਹਾਂ ਦੇ ਵੱਧ ਤੋਂ ਵੱਧ ਕੈਂਪ ਲਗਾਉਣ ਲਈ ਕਿਹਾ ਗਿਆ।





